ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 9 ਸਤੰਬਰ 2025 (ਨਾਨਕਸ਼ਾਹੀ ਸੰਮਤ : ੫੫੭, ੨੫ ਭਾਦੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

Exclusive News

## ਨਾਭਾ ਦੇ ਇੱਕ ਪ੍ਰਾਈਵੇਟ ਸਕੂਲ ਦੀ ਬੱਸ ਸੇਮ ਨਾਲੇ 'ਚ ਪਲਟੀ, ਵਿਦਿਆਰਥੀਆਂ ਨੂੰ ਬੱਸ 'ਚੋਂ ਸੁਰੱਖਿਅਤ ਕੱਢਿਆ ਬਾਹਰ

**ਨਾਭਾ, 8 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਨਾਭਾ ਦੇ ਇੱਕ ਪ੍ਰਾਈਵੇਟ ਸਕੂਲ ਦੀ ਬੱਸ ਅੱਜ ਸਵੇਰੇ ਪਿੰਡ ਦੁਲੱਦੀ ਦੇ ਸੇਮ ਨਾਲੇ ਵਿਚ ਪਲਟ ਜਾਣ ਦੀ ਖ਼ਬਰ ਮਿਲੀ ਹੈ। ਸਕੂਲ ਬੱਸ ਵਿੱਚ 20 ਵਿਦਿਆਰਥੀ ਸਵਾਰ ਸਨ ,ਜਿਨ੍ਹਾਂ ਨੂੰ ਬੱਸ ਵਿੱਚੋਂ ਸੁਰੱਖਿਅਤ ਬਾਹਰ ਕੱਢ ਲਿਆ ਗਿਆ ਹੈ। ਖੁਸ਼ਿਕਸਮਤੀ ਨਾਲ ਬੱਚੇ ਸੁਰੱਖਿਅਤ ਹਨ। ਜਾਣਕਾਰੀ ਅਨੁਸਾਰ ਸਥਾਨਕ ਪ੍ਰਾਈਵੇਟ ਸਕੂਲ ਦੀ ਬੱਸ ਨਾਭਾ ਹਲਕੇ ਦੇ ਪਿੰਡਾਂ ਤੋਂ ਬੱਚੇ ਲੈ ਕੇ ਸਕੂਲ ਵੱਲ ਆ ਰਹੀ ਸੀ। ਇਸ ਦੌਰਾਨ ਅਚਾਨਕ ਕਕਰਾਲਾ ਦੁਲੱਦੀ ਸੜਕ ਦੇ ਕਿਨਾਰੇ ਬਣੇ ਸੇਮ ਨਾਲੇ ਵਿਚ ਸਕੂਲ ਬੱਸ ਪਲਟ ਗਈ। ਇਸ ਘਟਨਾ ਦੀ ਸੂਚਨਾ ਮਿਲਦੇ ਹੀ ਸਕੂਲ ਦਾ ਸਟਾਫ਼ ਅਤੇ ਪੁਲਿਸ ਅਧਿਕਾਰੀ ਮੌਕੇ 'ਤੇ ਪਹੁੰਚੇ। ਇੱਕ ਵਿਦਿਆਰਥੀ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਾਹਮਣੇ ਤੋਂ ਇਕ ਵਾਹਨ ਆ ਗਿਆ, ਜਿਸ ਕਰਕੇ ਸਕੂਲ ਬੱਸ ਦੇ ਡਰਾਈਵਰ ਨੇ ਬੱਸ ਨੂੰ ਕਿਨਾਰੇ ਕਰਨ ਦੀ ਕੋਸ਼ਿਸ਼ ਕੀਤੀ ਤਾਂ ਬੱਸ ਇਕਦਮ ਸੇਮ ਨਾਲੇ ਵਿਚ ਪਲਟ ਗਈ, ਜਿਸ ਕਰਕੇ ਉਨ੍ਹਾਂ ਨੇ ਤੁਰੰਤ ਸ਼ੀਸ਼ਾ ਤੋੜ ਕੇ ਬੱਚਿਆਂ ਨੂੰ ਬਾਹਰ ਕੱਢਿਆ। ਇਸ ਮੌਕੇ 'ਤੇ ਪਹੁੰਚੇ ਸਕੂਲ ਸਟਾਫ਼ ਨੇ ਕਿਹਾ ਕਿ ਜਿਵੇਂ ਹੀ ਉਨ੍ਹਾਂ ਨੂੰ ਘਟਨਾ ਸੰਬੰਧੀ ਸੂਚਨਾ ਮਿਲੀ ਤਾਂ ਉਹ ਤੁਰੰਤ ਮੌਕੇ 'ਤੇ ਪਹੁੰਚ ਗਏ ਹਨ। ਇਸ ਮੌਕੇ 'ਤੇ ਪਹੁੰਚੇ ਪੁਲਿਸ ਚੌਂਕੀ ਸੀਟਾਂ ਵਾਲਾ ਦੇ ਇੰਚਾਰਜ ਗੁਰਮੀਤ ਸਿੰਘ ਨੇ ਕਿਹਾ ਕਿ ਉਹ ਇਸ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕਰ ਰਹੇ ਹਨ, ਜਿਸ ਉਪਰੰਤ ਕਾਰਵਾਈ ਅਮਲ 'ਚ ਲਿਆਂਦੀ ਜਾਵੇਗੀ।

## 'ਜਿਸ ਦਾ ਖੇਤ, ਉਸਦੀ ਰੇਤ' ਪਾਲਿਸੀ ਲਾਗੂ

# ਫਸਲਾਂ ਦੇ ਖਰਾਬੇ ਲਈ 20,000 ਰੁਪਏ ਪ੍ਰਤੀ ਏਕੜ ਮੁਆਵਜ਼ੇ ਦਾ ਐਲਾਨ

**ਚੰਡੀਗੜ੍ਹ, 8 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਮੁੱਖ ਮੰਤਰੀ ਭਗਵੰਤ ਮਾਨ ਹਸਪਤਾਲ ਤੋਂ ਹੀ ਕੈਬਨਿਟ ਦੀ ਮੀਟਿੰਗ ਵਿੱਚ ਹਿੱਸਾ ਲੈ ਰਹੇ ਹਨ। ਉਹ ਵੀਡੀਓ ਕਾਨਫਰੰਸਿੰਗ ਰਾਹੀਂ ਹੀ ਮੀਟਿੰਗ ਵਿੱਚ ਸ਼ਾਮਲ ਹੋਏ ਹਨ। ਇਸ ਦੌਰਾਨ ਉਨ੍ਹਾਂ ਨੇ ਕਿਸਾਨਾਂ ਲਈ ਵੱਡਾ ਐਲਾਨ ਕੀਤਾ ਹੈ। ਮੁੱਖ ਮੰਤਰੀ ਭਗਵੰਤ ਮਾਨ ਨੇ ਹੜ੍ਹ ਦੌਰਾਨ ਹੋਈਆਂ ਫਸਲਾਂ ਦੇ ਨੁਕਸਾਨ ਨੂੰ ਲੈਕੇ ਕਿਸਾਨਾਂ ਲਈ ਵੱਡਾ ਫੈਸਲਾ ਲਿਆ ਹੈ। ਮੁੱਖ ਮੰਤਰੀ ਮਾਨ ਵੱਲੋਂ ਫਸਲਾਂ ਦੇ ਖਰਾਬੇ ਲਈ 20000 ਰੁਪਏ ਪ੍ਰਤੀ ਏਕੜ ਮੁਆਵਜ਼ੇ ਦਾ ਐਲਾਨ ਕੀਤਾ ਹੈ। ਇਸ ਦੇ ਨਾਲ ਹੀ ਕਿਸਾਨਾਂ ਨੂੰ ਖੇਤਾਂ ਵਿਚੋਂ ਰੇਤਾਂ ਚੁੱਕਣ ਦੀ ਇਜਾਜ਼ਤ ਵੀ ਦਿੱਤੀ ਗਈ ਹੈ। ਦੱਸ ਦਈਏ ਕਿ ਅੱਜ ਪੰਜਾਬ ਸਰਕਾਰ ਦੀ ਇੱਕ ਮਹੱਤਵਪੂਰਨ ਕੈਬਨਿਟ ਮੀਟਿੰਗ ਹੋਈ। ਮੁੱਖ ਮੰਤਰੀ ਭਗਵੰਤ



ਮਾਨ ਨੇ ਹਸਪਤਾਲ ਤੋਂ ਵੀਡੀਓ ਕਾਨਫਰੰਸਿੰਗ ਰਾਹੀਂ ਇਸ ਵਿੱਚ ਸ਼ਿਰਕਤ ਕੀਤੀ। ਦੋ ਘੰਟੇ ਚੱਲੀ ਮੀਟਿੰਗ ਤੋਂ ਬਾਅਦ ਮੁੱਖ ਮੰਤਰੀ ਨੇ ਵੀਡੀਓ ਕਾਨਫਰੰਸਿੰਗ ਰਾਹੀਂ ਮੀਟਿੰਗ ਦੇ ਫੈਸਲਿਆਂ ਦਾ ਐਲਾਨ ਕੀਤਾ। ਇਸ ਵਿੱਚ ਇੱਕ ਫੈਸਲਾ ਇਹ ਹੈ ਕਿ ਪੰਜਾਬ ਸਰਕਾਰ ਮੁੱਖ ਤੌਰ 'ਤੇ ਕਿਸਾਨਾਂ ਨੂੰ ਪ੍ਰਤੀ ਏਕੜ 20,000 ਰੁਪਏ ਮੁਆਵਜ਼ਾ ਦੇਵੇਗੀ। ਮੁੱਖ ਮੰਤਰੀ ਨੇ ਦਾਅਵਾ ਕੀਤਾ ਕਿ ਇਹ ਕਿਸੇ ਵੀ ਰਾਜ ਦੁਆਰਾ ਦਿੱਤਾ ਗਿਆ ਸਭ ਤੋਂ ਵੱਧ ਮੁਆਵਜ਼ਾ ਹੈ। ਮ੍ਰਿਤਕਾਂ ਦੇ ਪਰਿਵਾਰਾਂ ਨੂੰ ਚਾਰ ਲੱਖ ਮਿਲਣਗੇ। ਕਿਸਾਨਾਂ ਨੂੰ ਸੁਸਾਇਟੀਆਂ ਜਾਂ ਸਹਿਕਾਰੀ ਬੈਂਕਾਂ ਤੋਂ ਲਏ ਗਏ ਕਰਜ਼ੇ ਦੀ ਅਦਾਇਗੀ ਵਿੱਚ ਛੇ ਮਹੀਨਿਆਂ ਦੀ ਛੋਟ ਦਿੱਤੀ ਗਈ ਸੀ। ਅਖੀਰ ਵਿੱਚ, ਉਨ੍ਹਾਂ ਕਿਹਾ, "ਮੈਂ ਹੌਲੀ-ਹੌਲੀ ਠੀਕ ਹੋ ਰਿਹਾ ਹਾਂ। ਜਿਵੇਂ ਹੀ ਮੈਨੂੰ ਛੁੱਟੀ ਮਿਲੇਗੀ, ਮੈਂ ਤੁਹਾਡੇ ਵਿਚਕਾਰ ਆਵਾਂਗਾ। ਮੈਂ ਲੋਕਾਂ ਤੋਂ ਬਿਨਾਂ ਨਹੀਂ ਰਹਿ ਸਕਦਾ। ਮੇਰਾ ਦਰਦ ਤੁਹਾਡੇ ਦਰਦ ਦੇ ਸਾਹਮਣੇ ਬਹੁਤ ਛੋਟਾ ਹੈ। ਤੁਹਾਡੀ ਚੁਣੀ ਹੋਈ ਸਰਕਾਰ ਹਰ ਸਮੇਂ ਤੁਹਾਡੇ ਨਾਲ ਖੜ੍ਹੀ ਹੈ।" ਘਰ ਡਿੱਗਣ/ ਰੁੜ੍ਹਨ ਦਾ ਹੋਵੇਗਾ ਸਰਵੇ - ਉਨ੍ਹਾਂ ਪਰਿਵਾਰਾਂ ਦਾ ਸਰਵੇਖਣ ਕੀਤਾ ਜਾਵੇਗਾ ਜਿਨ੍ਹਾਂ ਦੇ ਘਰ ਪਾਣੀ ਨਾਲ ਤਬਾਹ ਹੋ ਗਏ ਹਨ ਜਾਂ ਵਹਿ ਗਏ ਹਨ, ਸਰਕਾਰ ਵਿੱਤੀ ਸਹਾਇਤਾ ਦੇਵੇਗੀ। ਹੜ੍ਹ ਪ੍ਰਭਾਵਿਤ ਲੋਕਾਂ ਨੂੰ ਲਏ ਗਏ ਕਰਜ਼ੇ ਦੀਆਂ ਕਿਸ਼ਤਾਂ ਦਾ ਭੁਗਤਾਨ ਕਰਨ ਵਿੱਚ 6 ਮਹੀਨਿਆਂ ਦੀ ਛੋਟ ਦਿੱਤੀ ਗਈ ਹੈ। ਉਨ੍ਹਾਂ ਨੂੰ ਇਸ ਸਮੇਂ ਦੌਰਾਨ ਕਿਸ਼ਤਾਂ ਨਹੀਂ ਦੇਣੀਆਂ ਪੈਣਗੀਆਂ। ਵੱਡੀ ਗਿਣਤੀ ਵਿੱਚ ਜਾਨਵਰ ਅਤੇ ਮੱਛੀਆਂ ਦਾ ਨੁਕਸਾਨ ਹੋਇਆ। ਸਰਕਾਰ ਇਸਦੀ ਭਰਪਾਈ ਕਰੇਗੀ। ਨਾਲ ਹੀ, ਜਾਨਵਰਾਂ ਲਈ ਇੱਕ ਵਿਸ਼ੇਸ਼ ਟੀਕਾਕਰਨ ਮੁਹਿੰਮ ਚਲਾਈ ਜਾਵੇਗੀ। ਹੜ੍ਹ ਤੋਂ ਬਾਅਦ ਬਿਮਾਰੀਆਂ ਨੂੰ ਰੋਕਣ ਲਈ, ਲਗਭਗ 1700 ਪਿੰਡਾਂ ਅਤੇ 300 ਸ਼ਹਿਰੀ ਖੇਤਰਾਂ ਵਿੱਚ ਫੌਗਿੰਗ ਮਸ਼ੀਨਾਂ ਲਗਾਈਆਂ ਜਾਣਗੀਆਂ। ਹਰ ਪਿੰਡ ਵਿੱਚ ਕਲੀਨਿਕ ਸਥਾਪਤ ਕਰਕੇ ਡਾਕਟਰਾਂ ਦੀ ਇੱਕ ਟੀਮ ਭੇਜੀ ਜਾਵੇਗੀ, ਤਾਂ ਜੋ ਨੇੜਲੇ ਲੋਕਾਂ ਨੂੰ ਦਵਾਈਆਂ ਅਤੇ ਇਲਾਜ ਉਪਲਬਧ ਹੋ ਸਕਣ।

## ਮਾਨ ਦੀ ਕੈਬਨਿਟ ਦੇ ਫੈਸਲਿਆਂ ਤੋਂ ਕਿਸਾਨ ਨਾਖੁਸ਼ ! ਮੁਆਵਜ਼ੇ ਨੂੰ ਕਿਸਾਨਾਂ ਨਾਲ ਕੋਝਾ ਮਜ਼ਾਕ ਦਿੱਤਾ ਕਰਾਰ

**ਚੰਡੀਗੜ੍ਹ, 8 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਵੱਲੋਂ ਅੱਜ ਕੈਬਨਿਟ ਮੀਟਿੰਗ ਕਰਕੇ ਹੜ੍ਹਾਂ ਦੇ ਨੁਕਸਾਨ ਲਈ ਕਈ ਮੁੱਖ ਫੈਸਲੇ ਲਏ ਗਏ ਹਨ, ਜਿਸ ਵਿੱਚ ਕਿਸਾਨਾਂ ਨੂੰ ਪ੍ਰਤੀ ਏਕੜ 20000 ਰੁਪਏ ਪ੍ਰਤੀ ਏਕੜ ਮੁਆਵਜ਼ੇ ਦਾ ਵੀ ਐਲਾਨ ਕੀਤਾ ਗਿਆ ਹੈ, ਪਰੰਤੂ ਕਿਸਾਨ ਇਸ ਫੈਸਲੇ ਤੋਂ ਨਾਖੁਸ਼ ਨਜ਼ਰ ਆ ਰਹੇ ਹਨ। ਕਿਸਾਨਾਂ ਨੇ ਸੀਐਮ ਮਾਨ ਵੱਲੋਂ ਐਲਾਨੇ ਇਸ ਮੁਆਵਜ਼ੇ ਨੂੰ ਕੋਝਾ ਮਜ਼ਾਕ ਕਰਾਰ ਦਿੱਤਾ ਹੈ ਅਤੇ 50 ਹਜ਼ਾਰ ਰੁਪਏ ਮੁਆਵਜ਼ਾ ਦੇਣ ਦੀ ਗੱਲ ਕਹੀ ਹੈ। ਗੱਲਬਾਤ ਦੌਰਾਨ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਪ੍ਰਧਾਨ ਹਰਿੰਦਰ ਸਿੰਘ ਲੱਖੋਵਾਲ ਨੇ ਕਿਹਾ ਕਿ ਜੋ ਸੀਐਮ ਭਗਵੰਤ ਮਾਨ ਵੱਲੋਂ ਪੰਜਾਬ ਦੇ ਹੜ੍ਹ ਪੀੜਤ ਪਰਿਵਾਰਾਂ ਦੇ ਲਈ ਮਦਦ ਦਾ ਐਲਾਨ ਕੀਤਾ ਗਿਆ ਹੈ, ਜਿਸ ਵਿੱਚ ਮ੍ਰਿਤਕ ਦੇ ਪਰਿਵਾਰਾਂ ਦੇ ਲਈ 4 ਲੱਖ ਰੁਪਏ, ਹੜ੍ਹ ਪ੍ਰਭਾਵਿਤ ਫਸਲ ਲਈ ਪ੍ਰਤੀ ਏਕੜ 20000 ਨੂੰ ਬਹੁਤ ਹੀ ਨਿਗੂਣਾ ਦੱਸਿਆ ਹੈ। ਉਨ੍ਹਾਂ ਟਿੱਪਣੀ ਕਰਦਿਆਂ ਕਿਹਾ ਕਿ ਘੱਟੋ-ਘੱਟ ਮੁਆਵਜ਼ਾ 70 ਹਜ਼ਾਰ ਰੁਪਏ ਪ੍ਰਤੀ ਏਕੜ ਦਾ ਐਲਾਨ ਕਰਨ ਦੀ ਲੋੜ ਸੀ, ਕਿਉਂਕਿ 35000 ਰੁਪਏ 6 ਮਹੀਨੇ ਦੀ ਫਸਲ ਦਾ ਠੇਕਾ ਹੈ ਅਤੇ ਕੁੱਲ 70,000 ਸਾਲ ਦਾ ਠੇਕਾ ਹੈ। ਇਸ ਤੋਂ ਇਲਾਵਾ 30 ਹਜ਼ਾਰ ਰੁਪਏ ਕਿਸਾਨਾਂ ਵੱਲੋਂ ਫਸਲ ਬੀਜਣ 'ਤੇ ਖਰਚ ਕੀਤੇ ਗਏ ਸਨ। ਉਨ੍ਹਾਂ ਕਿਹਾ ਕਿ ਕਿਸਾਨ ਵੀ ਇੱਕ ਦੇਸ਼ ਦਾ ਸੇਵਕ ਹੈ, ਜਿਸ ਵੱਲੋਂ ਫਸਲ ਉਗਾ ਕੇ ਦੇਸ਼ ਦਾ ਢਿੱਡ ਭਰਿਆ ਜਾਂਦਾ ਹੈ ਜਿਵੇਂ ਸਾਡੇ ਜਵਾਨ ਦੇਸ਼ ਦੀ ਰੱਖਿਆ ਲਈ ਸ਼ਹੀਦ ਹੁੰਦੇ ਹਨ, ਉਸੇ ਤਰ੍ਹਾਂ ਕਿਸਾਨ ਲਈ ਵੀ ਵੱਧ ਤੋਂ ਵੱਧ ਮੁਆਵਜ਼ੇ ਦਾ ਐਲਾਨ ਕਰਨ ਦੀ ਲੋੜ ਸੀ। ਉਧਰ, ਦੋਆਬਾ ਕਿਸਾਨ ਕਮੇਟੀ ਪੰਜਾਬ ਦੇ ਪ੍ਰਧਾਨ ਜੰਗਵੀਰ ਸਿੰਘ ਚੌਹਾਨ, ਮੁਕੇਸ਼ ਚੰਦਰ ਤੇ ਹੋਰ ਕਿਸਾਨਾਂ ਨੇ ਵੀ ਮੁੱਖ ਮੰਤਰੀ ਮਾਨ ਵੱਲੋਂ ਹੜ੍ਹ ਪੀੜਤਾਂ ਲਈ ਕੀਤੇ ਗਏ ਐਲਾਨਾਂ ਨੂੰ ਮਜ਼ਾਕ ਕਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ 2023 ਵਿੱਚ ਵੀ ਫਸਲਾਂ ਦੇ ਮੁਆਵਜ਼ੇ ਦਾ ਐਲਾਨ ਕੀਤਾ ਗਿਆ ਸੀ, ਪਰ ਅਜੇ ਤੱਕ ਉਹ ਵੀ ਨਹੀਂ ਮਿਲਿਆ ਹੈ ਅਤੇ ਹੁਣ 2025 ਦੌਰਾਨ ਆਏ ਇਨ੍ਹਾਂ ਹੜ੍ਹਾਂ ਵਿੱਚ ਵੀ ਕਿਸਾਨਾਂ ਨੂੰ ਇਹ ਸਿਰਫ਼ ਫਰਜ਼ੀ ਮਜ਼ਾਕ ਲੱਗ ਰਹੇ ਹਨ। ਆਗੂਆਂ ਨੇ ਕਿਹਾ ਕਿ ਸਰਕਾਰ ਵੱਲੋਂ ਹੜ੍ਹ ਪ੍ਰਭਾਵਿਤ ਏਰੀਏ 'ਚ ਪਾਣੀ ਰਾਹੀਂ ਇਕੱਠੀ ਹੋਈ ਰੇਤ/ਮਿੱਟੀ ਦੀ 31 ਦਸੰਬਰ ਤੱਕ ਬਿਨਾਂ ਪ੍ਰਮਟ ਕਿਸਾਨਾਂ ਨੂੰ ਵੇਚਣ ਜਾਂ ਚੁੱਕਣ ਦਾ ਕਿਸਾਨਾਂ ਨੂੰ ਵੇਚਣ ਦੇਣ ਦਾ ਐਲਾਨ ਕੀਤਾ ਗਿਆ ਹੈ ਪਰ ਸਰਕਾਰ ਨੂੰ ਸ਼ਾਇਦ ਇਹ ਨਹੀਂ ਪਤਾ ਕੀ 4-5 ਮਹੀਨੇ ਕਿਸਾਨਾਂ ਦੇ ਜਦੋਂ ਖੇਤ ਹੀ ਸਾਫ਼ ਨਹੀਂ ਹੋਣੇ ਹਨ ਤਾਂ ਸਰਕਾਰ ਦੇ ਇਸ ਐਲਾਨ ਦਾ ਕੀ ਲਾਭ ਹੋਵੇਗਾ।

## ਸੋਸ਼ਲ ਮੀਡੀਆ 'ਤੇ ਬੈਨ ਲੱਗਣ 'ਤੇ Gen-Z ਵੱਲੋਂ ਹੰਗਾਮਾ; 20 ਮੌਤਾਂ, 250 ਤੋਂ ਵੱਧ ਜ਼ਖਮੀ, PM ਦੇ ਅਸਤੀਫ਼ੇ ਦੀ ਮੰਗ

**ਕਾਠਮੰਡੂ, 8 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਕਾਠਮੰਡੂ ਦੀਆਂ ਸੜਕਾਂ 'ਤੇ ਵੱਡੇ ਪੱਧਰ 'ਤੇ ਵਿਰੋਧ ਪ੍ਰਦਰਸ਼ਨ ਦੇਖਣ ਨੂੰ ਮਿਲ ਰਹੇ ਹਨ। ਵਿਰੋਧ ਪ੍ਰਦਰਸ਼ਨਾਂ ਦੌਰਾਨ 9 ਲੋਕਾਂ ਦੀ ਮੌਤ ਹੋ ਗਈ ਹੈ।




ਨੇਪਾਲ ਵਿੱਚ ਫੇਸਬੁੱਕ, ਟਵਿੱਟਰ, ਵਟਸਐਪ ਅਤੇ ਯੂਟਿਊਬ ਵਰਗੇ 26 ਸੋਸ਼ਲ ਮੀਡੀਆ ਖਾਤਿਆਂ 'ਤੇ ਪਾਬੰਦੀ ਕਾਰਨ ਲੋਕ ਗੁੱਸੇ ਵਿੱਚ ਹਨ। ਐਨਜੀਓ ਹਾਮੀ ਨੇਪਾਲ ਨੇ ਨੌਜਵਾਨਾਂ ਦੇ ਵਿਰੋਧ ਪ੍ਰਦਰਸ਼ਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਐਨਜੀਓ ਨੇ ਡਿਸਕਾਰਡ ਚੈਨਲਾਂ ਰਾਹੀਂ ਔਨਲਾਈਨ ਵਿਰੋਧ ਪ੍ਰਦਰਸ਼ਨ ਦਾ ਸੱਦਾ ਦਿੱਤਾ ਸੀ। ਪ੍ਰਦਰਸ਼ਨਕਾਰੀ ਵੀਪੀਐਨ ਰਾਹੀਂ ਐਨਜੀਓ ਨਾਲ ਜੁੜੇ ਸਨ। ਇਸ ਤੋਂ ਪਹਿਲਾਂ, ਹਾਮੀ ਨੇਪਾਲ ਦਾ ਰਾਜਨੀਤਿਕ ਵਿਰੋਧ ਪ੍ਰਦਰਸ਼ਨਾਂ ਦਾ ਆਯੋਜਨ ਕਰਨ ਦਾ ਕੋਈ ਇਤਿਹਾਸ ਨਹੀਂ ਹੈ। ਇਸ ਸੰਗਠਨ ਦੀ ਸਥਾਪਨਾ 2015 ਵਿੱਚ ਕੀਤੀ ਗਈ ਸੀ ਅਤੇ ਆਮ ਤੌਰ 'ਤੇ ਹੜ੍ਹਾਂ ਅਤੇ ਭੂਚਾਲ ਵਰਗੀਆਂ ਆਫ਼ਤਾਂ ਤੋਂ ਬਾਅਦ ਰਾਹਤ ਪ੍ਰਦਾਨ ਕਰਨ ਲਈ ਕੰਮ ਕਰਦੀ ਹੈ। ਸਰਕਾਰ ਵੱਲੋਂ ਸੋਸ਼ਲ ਮੀਡੀਆ 'ਤੇ ਪਾਬੰਦੀ ਲਗਾਏ ਜਾਣ ਤੋਂ ਬਾਅਦ ਨੇਪਾਲ ਦੀ ਰਾਜਧਾਨੀ ਕਾਠਮੰਡੂ ਵਿੱਚ ਤਣਾਅ ਫੈਲ ਗਿਆ ਹੈ। ਲੋਕਾਂ ਵਿੱਚ ਭਾਰੀ ਗੁੱਸਾ ਹੈ। ਪ੍ਰਗਟਾਵੇ ਦੀ ਆਜ਼ਾਦੀ ਦੀ ਮੰਗ ਕਰਦੇ ਪੋਸਟਰ ਅਤੇ ਬੈਨਰ ਲੈ ਕੇ ਪ੍ਰਦਰਸ਼ਨਕਾਰੀ ਸੁਰੱਖਿਆ ਬਲਾਂ ਨਾਲ ਟਕਰਾ ਗਏ। ਪ੍ਰਮੁੱਖ ਖੇਤਰਾਂ ਵਿੱਚ ਭਾਰੀ ਪੁਲਿਸ ਫੋਰਸ ਤਾਇਨਾਤ ਕੀਤੀ ਗਈ ਹੈ। ਮੀਡੀਆ ਰਿਪੋਰਟ ਦੇ ਅਨੁਸਾਰ, ਸ਼ੁਰੂਆਤੀ ਰਿਪੋਰਟਾਂ ਤੋਂ ਪਤਾ ਚੱਲਦਾ ਹੈ ਕਿ ਵਿਰੋਧ ਪ੍ਰਦਰਸ਼ਨ ਵਿੱਚ ਜ਼ਖਮੀ ਹੋਣ ਤੋਂ ਬਾਅਦ 5 ਲੋਕਾਂ ਦੀ ਮੌਤ ਟਰਾਮਾ ਸੈਂਟਰ ਵਿੱਚ, 2 ਸਿਵਲ ਹਸਪਤਾਲ ਵਿੱਚ ਅਤੇ 1 ਕਾਠਮੰਡੂ ਮੈਡੀਕਲ ਕਾਲਜ ਵਿੱਚ ਹੋਈ। ਇਸ ਤੋਂ ਇਲਾਵਾ, 100 ਤੋਂ ਵੱਧ ਪ੍ਰਦਰਸ਼ਨਕਾਰੀ, ਪੱਤਰਕਾਰ ਅਤੇ ਸੁਰੱਖਿਆ ਕਰਮਚਾਰੀ ਜ਼ਖਮੀ ਹੋਏ ਹਨ, ਜਿਨ੍ਹਾਂ ਦਾ ਹਸਪਤਾਲਾਂ ਵਿੱਚ ਇਲਾਜ ਚੱਲ ਰਿਹਾ ਹੈ। ਕਿਹਾ ਜਾ ਰਿਹਾ ਹੈ ਕਿ ਕੁਝ ਮਰੀਜ਼ਾਂ ਦੀ ਹਾਲਤ ਨਾਜ਼ੁਕ ਬਣੀ ਹੋਈ ਹੈ। ਨੇਪਾਲ ਵਿੱਚ ਚੱਲ ਰਹੇ ਵਿਰੋਧ ਪ੍ਰਦਰਸ਼ਨਾਂ ਦੇ ਸਬੰਧ ਵਿੱਚ ਮੰਤਰੀ ਪ੍ਰੀਸ਼ਦ ਦੀ ਮੀਟਿੰਗ ਸ਼ੁਰੂ ਹੋ ਗਈ ਹੈ। ਇਸ ਮੀਟਿੰਗ ਵਿੱਚ ਵਿਦੇਸ਼ ਵਿਭਾਗ ਦੇ ਮੁਖੀ, ਸਾਬਕਾ ਉਪ ਪ੍ਰਧਾਨ ਮੰਤਰੀ, ਵਿਦੇਸ਼ ਮੰਤਰੀ ਰਘੁਬੀਰ ਮਹਾਸੇਠ ਵੀ ਮੌਜੂਦ ਹਨ। ਇਹ ਮੀਟਿੰਗ ਲਗਭਗ 2 ਘੰਟੇ ਚੱਲੇਗੀ। 2 ਘੰਟੇ ਬਾਅਦ, ਮੀਟਿੰਗ ਅਤੇ ਸਰਕਾਰ ਦੇ ਰੁਖ਼ ਬਾਰੇ ਸਥਿਤੀ ਸਪੱਸ਼ਟ ਹੋ ਜਾਵੇਗੀ।

### ਕੌਣ ਹੁੰਦੇ ਹਨ Gen-Z

Gen-Z ਤੋਂ ਭਾਵ 1995 ਤੋਂ ਬਾਅਦ ਪੈਦਾ ਹੋਏ ਲੋਕਾਂ, ਜਿਨ੍ਹਾਂ ਦੀ ਉਮਰ ਹੁਣ 18 ਤੋਂ 30 ਸਾਲ ਦੇ ਵਿਚਕਾਰ ਹੈ, ਜੋ ਇੰਟਰਨੈੱਟ ਅਤੇ ਤਕਨਾਲੋਜੀ ਨਾਲ ਵੱਡੇ ਹੋਏ ਹਨ। ਉਹ ਡਿਜੀਟਲ ਨਾਗਰਿਕ ਹਨ, ਦੁਨੀਆ ਵਿੱਚ ਕੀ ਹੋ ਰਿਹਾ ਹੈ ਇਸ ਬਾਰੇ ਜਾਣੂ ਹਨ, ਇਸ ਗੱਲ ਤੋਂ ਜਾਣੂ ਹਨ ਕਿ ਨਿਆਂ ਅਤੇ ਸਮਾਨਤਾ ਕਿਉਂ ਮਹੱਤਵਪੂਰਨ ਹੈ। ਇੰਸਟਾਗ੍ਰਾਮ ਵਰਗੇ ਮਸ਼ਹੂਰ ਪਲੇਟਫਾਰਮਾਂ ਦੇ ਨੇਪਾਲ ਵਿੱਚ ਲੱਖਾਂ ਉਪਭੋਗਤਾ ਹਨ ਜੋ ਮਨੋਰੰਜਨ, ਖ਼ਬਰਾਂ ਅਤੇ ਕਾਰੋਬਾਰ ਲਈ ਉਨ੍ਹਾਂ 'ਤੇ ਨਿਰਭਰ ਕਰਦੇ ਹਨ।

## '47 ਦੇ ਉਜਾੜੇ ਵਾਂਗ ਦ੍ਰਿਸ਼ ਪੇਸ਼ ਕਰ ਰਿਹਾ ਪੰਜਾਬ 'ਚ 2025 ਦਾ ਹੜ੍ਹ, ਸਭ ਕੁਝ ਹੋਇਆ ਤਬਾਹ

**ਸੁਲਤਾਨਪੁਰ ਲੋਧੀ, 8 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਦਰਿਆ ਬਿਆਸ ਕਾਰਨ ਮੰਡ ਖੇਤਰ 'ਚ ਆਏ



ਹੜ੍ਹ ਕਾਰਨ ਜਿੱਥੇ ਕਿਸਾਨਾਂ ਦੀਆਂ ਫ਼ਸਲਾਂ ਬਰਬਾਦ ਹੋ ਗਈਆਂ ਹਨ, ਉੱਥੇ ਹੀ ਘਰ-ਤਬੇਲੇ ਆਦਿ ਵੀ ਪਾਣੀ ਦੀ ਭੇਟ ਚੜ੍ਹ ਗਏ। ਮੰਡ ਨਿਵਾਸੀਆਂ ਦੀ 'ਜ਼ਿੰਦਗੀ' ਪੱਟੜੀ ਤੋਂ ਪੂਰੀ ਤਰ੍ਹਾਂ ਲਹਿ ਚੁੱਕੀ ਹੈ। ਦਰਦ ਭਰੀ ਕਹਾਣੀ ਸੁਣਾਉਂਦੇ ਮੰਡ ਖੇਤਰ ਦੇ ਕਿਸਾਨ ਆਗੂ ਦੇ ਸਮਾਜ ਸੇਵੀ ਪਰਮਜੀਤ ਸਿੰਘ ਬਾਊਪੁਰ ਨੇ ਦੱਸਿਆ ਕਿ ਮੰਡ ਖੇਤਰ 'ਚ ਆਇਆ ਹੜ੍ਹ 1947 ਦੇ ਉਜਾੜੇ ਵਾਂਗ ਦ੍ਰਿਸ਼ ਪੇਸ਼ ਕਰ ਰਿਹਾ ਹੈ। ਜਦੋਂ ਸਾਡੇ ਬਜ਼ੁਰਗ ਪਾਕਿਸਤਾਨ ਤੋਂ ਉੱਜੜ ਕੇ ਇਥੇ ਆਏ ਸਨ, ਜਿਨ੍ਹਾਂ ਆਪਣੀ ਹੱਡਤੋੜਵੀਂ ਮਿਹਨਤ ਨਾਲ ਇਸ ਖੇਤਰ ਨੂੰ ਆਬਾਦ ਕੀਤਾ ਪਰ ਸਰਕਾਰਾਂ ਦੀਆਂ ਨਾਕਾਮੀਆਂ ਅਤੇ ਪ੍ਰਸ਼ਾਸਨ ਦੀ ਲਾਪ੍ਰਵਾਹੀ ਨਾਲ ਆਜ਼ਾਦੀ ਤੋਂ ਬਾਅਦ ਅੱਜ ਫਿਰ ਓਹੀ ਸਥਿਤੀ ਪੈਦਾ ਹੋ ਚੁੱਕੀ ਹੈ। ਹੱਸਦੇ-ਵੱਸਦੇ ਕਈ ਘਰ ਉਜੜ ਗਏ। ਉਨ੍ਹਾਂ ਕਿਹਾ ਕਿ ਘਰਾਂ ਦੇ ਘਰ, ਘਰੇਲੂ ਸਾਮਾਨ, ਵ੍ਹੀਕਲ, ਖੇਤੀ ਸੰਦ, ਡੰਗਰ ਆਦਿ ਪਾਣੀ 'ਚ ਰੁੜ੍ਹ ਗਏ। ਫ਼ਸਲਾਂ ਤਬਾਹ ਹੋ ਗਈਆਂ ਹਨ। ਉਨ੍ਹਾਂ ਕਿਹਾ ਕਿ ਮੁੜ ਪੈਰਾਂ 'ਤੇ ਖੜ੍ਹਾ ਹੋਣ ਲਈ ਕਾਫ਼ੀ ਸਮਾਂ ਲੱਗੇਗਾ। ਪਾਣੀ ਘਟਨ 'ਤੇ ਮੁਸੀਬਤਾਂ ਹੋਰ ਵਧਣਗੀਆਂ। ਕਿਸਾਨ ਆਗੂ ਬਾਊਪੁਰ ਨੇ ਸੂਬੇ ਦੇ ਲੋਕਾਂ ਤੇ ਦੇਸ਼ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਤੁਸੀਂ ਇਸ ਸਮੇਂ ਅਰਦਾਸ ਕਰੋ ਕਿ ਜਿਨ੍ਹਾਂ ਵੀਰਾਂ ਦੇ ਘਰ ਰੁੜ੍ਹ ਗਏ ਹਨ, ਉਨ੍ਹਾਂ ਪਰਿਵਾਰਾਂ ਨੂੰ ਮਿਲ ਕੇ ਉਨ੍ਹਾਂ ਦੀ ਮਦਦ ਕੀਤੀ ਜਾਵੇ। ਕਈ ਵੀਰਾਂ ਦਾ ਤਾਂ ਸਾਮਾਨ ਵੀ ਨਹੀਂ ਮਿਲਿਆ ਅਜਿਹੇ ਪਰਿਵਾਰਾਂ ਨੂੰ ਮਿਲ ਕੇ ਉਨ੍ਹਾਂ ਦੇ ਹੋਏ ਨੁਕਸਾਨ ਦੀ ਕੁਝ ਹੱਦ ਤੱਕ ਭਰਪਾਈ ਕਰ ਸਕੀਏ। ਪਰਮਜੀਤ ਬਾਊਪੁਰ ਨੇ ਕਿਹਾ ਕਿ ਫ਼ਸਲਾਂ ਦਾ ਨੁਕਸਾਨ ਤਾਂ ਬਹੁਤ ਵੱਡੇ ਪੱਧਰ 'ਤੇ ਹੋਇਆ ਹੈ ਪਰ ਉਨ੍ਹਾਂ ਨੂੰ ਜ਼ਰੂਰਤ ਵਾਲਾ ਸਾਮਾਨ ਤੇ ਘਰ ਬਣਾ ਕੇ ਦਈਏ ਤਾਂ ਕਿ ਉਹ ਦੋਬਾਰਾ ਪਹਿਲਾਂ ਵਾਂਗ ਆਪਣੀ ਜ਼ਿੰਦਗੀ ਬਤੀਤ ਕਰ ਸਕਣ। ਹੁਣ ਲੰਗਰ ਰਾਸ਼ਨ ਜਾਂ ਰਾਹਤ ਸਮੱਗਰੀ ਨਾ ਭੇਜੀ ਜਾਵੇ ਕਿਉਂਕਿ ਪਹਿਲਾਂ ਹੀ ਇਹ ਬਹੁਤ ਵੱਡੀ ਮਾਤਰਾ ਵਿਚ ਦਾਨੀ ਸੱਜਣਾਂ ਵੱਲੋਂ ਪਹੁੰਚਾਈ ਜਾ ਚੁੱਕੀ ਹੈ। ਇਸ ਲਈ ਉਹ ਅਪੀਲ ਕਰਦੇ ਹਨ ਕਿ ਆਓ ਅਸੀਂ ਸਾਰੇ ਮਿਲ ਕੇ ਅਜਿਹੇ ਪਰਿਵਾਰਾਂ ਦੀ ਬਾਂਹ ਫੜ੍ਹੀਏ ਤਾਂ ਕਿ ਉਸ ਨੂੰ ਇਸ ਦੁੱਖ ਦੀ ਘੜੀ ਵਿਚ ਰਾਹਤ ਮਿਲ ਸਕੇ। ਬੀਤੇ ਦਿਨ ਮੌਸਮ ਵਿਚ ਆਈ ਖ਼ਰਾਬੀ ਕਾਰਨ ਭਾਰੀ ਮੀਂਹ ਨੇ ਵਿਘਨ ਪਾਇਆ ਪਰ ਫਿਰ ਵੀ ਸੰਗਤਾਂ ਜੋਸ਼ ਨਾਲ ਡਟੀਆਂ ਰਹੀਆਂ। ਸੰਗਤਾਂ ਨੇ ਵਿਧਾਇਕ ਰਾਣਾ ਇੰਦਰਪ੍ਰਤਾਪ ਸਿੰਘ ਤੇ ਸਾਬਕਾ ਮੰਤਰੀ ਰਾਣਾ ਗੁਰਜੀਤ ਸਿੰਘ ਵੱਲੋਂ ਮੁਸੀਬਤ ਦੀ ਇਸ ਘੜੀ 'ਚ ਬਾਂਹ ਫੜ੍ਹਨ ਲਈ ਧੰਨਵਾਦ ਕੀਤਾ। ਹੜ੍ਹ ਪੀੜਤ ਕਿਸਾਨ ਕਮੇਟੀ ਵੱਲੋਂ ਦਾਨੀ ਸੱਜਣਾਂ ਤੇ ਸੰਸਥਾਵਾਂ ਨੂੰ ਰਾਸ਼ਨ ਸਮੱਗਰੀ ਲੰਗਰ ਜਾਂ ਹੋਰ ਰਾਹਤ ਸਮਗਰੀ ਹੁਣ ਨਾ ਲਿਆਉਣ ਦੇ ਬਾਵਜੂਦ ਦੂਰ-ਦੂਰ ਤੋਂ ਹਰਿਆਣਾ ਸੂਬਾ ਤੋਂ ਵੀ ਰਾਹਤ ਸਮੱਗਰੀ ਲਿਆਉਣ ਦਾ ਕਾਰਜ ਜਾਰੀ ਹੈ। ਹੜ੍ਹ ਪੀੜਤ ਕਮੇਟੀ ਦੇ ਕੁਲਦੀਪ ਸਿੰਘ ਸਾਗਰਾਂ ਦਾ ਕਹਿਣਾ ਹੈ ਕਿ ਹੁਣ ਲੰਗਰ ਰਾਹਤ ਸਮਗਰੀ ਬਹੁਤ ਵੱਡੀ ਗਿਣਤੀ ਵਿਚ ਪਹੁੰਚ ਗਈ ਹੈ ਅਤੇ ਹੁਣ ਜਦੋਂ ਪਾਣੀ ਘੱਟ ਹੋਵੇਗਾ ਤਾਂ ਉਸ ਸਮੇਂ ਲੋਕਾਂ ਨੂੰ ਸਾਮਾਨ ਦੀ ਜ਼ਰੂਰਤ ਹੋਵੇਗੀ ਅਤੇ ਉਹ ਸਾਮਾਨ ਉਸ ਸਮੇਂ ਲੈ ਕੇ ਆਉਣ।

## 8 ਸਾਲਾ ਨੌਜਵਾਨ ਦੀ ਕਰੰਟ ਲੱਗਣ ਨਾਲ ਮੌਤ , ਗੁਰਦੁਆਰਾ ਸਾਹਿਬ ਜਾਣ ਵਾਲੀਆਂ ਸੰਗਤਾਂ ਲਈ ਬਣਾ ਰਿਹਾ ਸੀ ਰਸਤਾ



**ਸ੍ਰੀ ਮੁਕਤਸਰ ਸਾਹਿਬ, 8 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਮੁਕਤਸਰ ਸਾਹਿਬ ਦੇ ਟਿੱਬੀ ਸਾਹਿਬ ਰੋਡ 'ਤੇ ਵਾਪਰੇ ਦਿਲ ਦਹਿਲਾ ਦੇਣ ਵਾਲੇ ਹਾਦਸੇ ਨੇ ਇੱਕ ਨੌਜਵਾਨ ਦੀ ਜ਼ਿੰਦਗੀ ਖਤਮ ਕਰ ਦਿੱਤੀ ਹੈ। 28 ਸਾਲਾ ਗੁਰਪ੍ਰੀਤ, ਜੋ ਦੋ ਬੱਚਿਆਂ ਦਾ ਪਿਤਾ ਸੀ, ਸੜਕ 'ਤੇ ਲੱਗੀਆਂ ਸਟਰੀਟ ਲਾਈਟਾਂ ਵਾਲੇ ਖੰਬੇ ਵਿੱਚ ਆਏ ਕਰੰਟ ਦੀ ਲਪੇਟ ਵਿੱਚ ਆ ਗਿਆ। ਇਹ ਹਾਦਸਾ ਸ੍ਰੀ ਮੁਕਤਸਰ ਸਾਹਿਬ ਦੇ ਟਿੱਬੀ ਸਾਹਿਬ ਰੋਡ 'ਤੇ ਵਾਪਰਿਆ ,ਜਿਥੇ ਸਟਰੀਟ ਲਾਈਟਾਂ ਵਾਲ਼ੇ ਖੰਬੇ ਵਿੱਚ ਆਏ ਕਰੰਟ ਕਾਰਨ 28 ਸਾਲਾ ਨੌਜਵਾਨ ਗੁਰਪ੍ਰੀਤ ਦੀ ਮੌਕੇ 'ਤੇ ਮੌਤ ਹੋ ਗਈ। ਗੁਰਪ੍ਰੀਤ ਦਾ ਵਿਆਹ ਪੰਜ ਸਾਲ ਪਹਿਲਾਂ ਹੋਇਆ ਸੀ ਅਤੇ ਉਹ ਦੋ ਬੱਚਿਆਂ ਦਾ ਪਿਤਾ ਸੀ। ਗੁਰਪ੍ਰੀਤ ਦਾ ਘਰ ਵੀ ਟਿੱਬੀ ਸਾਹਿਬ ਰੋਡ 'ਤੇ ਹੀ ਸੀ ,ਜਿੱਥੇ ਉਸ ਦੀ ਜ਼ਿੰਦਗੀ ਖਤਮ ਹੋਈ। ਘਰ ਦੇ ਸਾਹਮਣੇ ਖੜ੍ਹੇ ਚਿੱਕੜ ਨੂੰ ਸਾਫ ਕਰਦਿਆਂ ਅਤੇ ਸੰਗਤਾਂ ਲਈ ਰਸਤਾ ਬਣਾਉਂਦਿਆਂ ਹੀ ਉਹ ਕਰੰਟ ਦੀ ਲਪੇਟ ਵਿੱਚ ਆ ਗਿਆ। ਗੁਰਪ੍ਰੀਤ ਗੁਰੂ ਨਾਨਕ ਕਾਲਜ ਵਿੱਚ ਗਾਰਡਨ ਦੀ ਨੌਕਰੀ ਕਰਦਾ ਸੀ। ਮਹੱਲਾ ਨਿਵਾਸੀਆਂ ਮੁਤਾਬਕ ਟਿੱਬੀ ਸਾਹਿਬ ਗੁਰਦੁਆਰਾ ਤੋਂ ਦਾਤਨਸਰ ਸਾਹਿਬ ਜਾਣ ਵਾਲੇ ਰਸਤੇ 'ਤੇ ਹਮੇਸ਼ਾ ਸੀਵਰੇਜ਼ ਦਾ ਪਾਣੀ ਓਵਰਫਲੋ ਹੋ ਕੇ ਖੜ੍ਹਾ ਰਹਿੰਦਾ ਹੈ। ਜਿਸ ਨਾਲ ਸੜਕ 'ਤੇ ਚਿੱਕੜ ਬਣਿਆ ਰਹਿੰਦਾ ਹੈ। ਇਸ ਕਰਕੇ ਸੰਗਤਾਂ ਨੂੰ ਹਰ ਵਾਰ ਗੰਦੇ ਪਾਣੀ ਅਤੇ ਚਿੱਕੜ ਵਿੱਚੋਂ ਲੰਘ ਕੇ ਗੁਰਦੁਆਰਾ ਸਾਹਿਬ ਜਾਣਾ ਪੈਂਦਾ ਹੈ। ਇਨ੍ਹਾਂ ਹੀ ਹਾਲਾਤਾਂ ਤੋਂ ਤੰਗ ਆ ਕੇ ਗੁਰਪ੍ਰੀਤ ਨੇ ਇੱਕ ਖਾਲੀ ਪਲਾਟ ਰਾਹੀਂ ਨਵਾਂ ਰਸਤਾ ਬਣਾਉਣ ਦੀ ਕੋਸ਼ਿਸ਼ ਕੀਤੀ ਸੀ ਪਰੰਤੂ ਜਿਵੇਂ ਹੀ ਉਸ ਨੇ ਇਹ ਕੰਮ ਸ਼ੁਰੂ ਕੀਤਾ, ਸਟਰੀਟ ਲਾਈਟਾਂ ਰਾਹੀਂ ਚਿੱਕੜ ਵਾਲੇ ਪਾਣੀ ਵਿੱਚ ਕਰੰਟ ਆ ਗਿਆ ਅਤੇ ਗੁਰਪ੍ਰੀਤ ਕਰੰਟ ਦੀ ਲਪੇਟ ਵਿੱਚ ਆ ਕੇ ਮੌਕੇ 'ਤੇ ਡਿੱਗ ਗਿਆ।

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਧੰਨ ਧੰਨ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾਂ ਸ਼ਤਾਬਦੀ ਨੂੰ ਸਮਰਪਿਤ

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵੱਲੋਂ



# ਪੰਜ ਤਖ਼ਤ ਸਾਹਿਬਾਨ

ਅਤੇ

## 32 ਤੋਂ ਵੱਧ ਹੋਰ ਇਤਿਹਾਸਕ ਗੁਰਧਾਮਾਂ ਦੀ ਯਾਤਰਾ

29 ਅਕਤੂਬਰ ਤੋਂ 8 ਨਵੰਬਰ 2025 ਅਤੇ 15 ਫਰਵਰੀ 2026 ਤੋਂ 25 ਫਰਵਰੀ 2026

ਇਸ ਯਾਤਰਾ ਦੇ ਦੌਰਾਨ ਸਿੱਖ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ 32 ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਇਸ ਤੋਂ ਇਲਾਵਾ ਕੁਝ ਅਜਾਇਬ ਘਰ, ਜਲ੍ਹਿਆਂਵਾਲਾ ਬਾਗ, ਵਾਹਗਾ ਬਾਰਡਰ ਦੀ ਰੀਟਰੀਟ ਸੇਰੇਮਨੀ ਤੇ ਹੋਰ ਇਤਿਹਸਕ ਸਥਾਨਾਂ ਦੀ ਯਾਤਰਾ ਵੀ ਕਰਵਾਈ ਜਾਵੇਗੀ।

- ਲਗਜਰੀ ਹੋਟਲਾਂ 'ਚ ਸਟੇਅ
- ਲਗਜ਼ਰੀ ਏ. ਸੀ. ਕੋਚ
- ਡੋਮੈਸਟਿਕ ਫਲਾਈਟਾਂ
- ਗਾਈਡ
- ਯਾਤਰਾਂ ਤੋਂ ਪਹਿਲਾਂ ਅਤੇ ਬਾਅਦ ਵਿੱਚ ਇੰਡੀਆ 'ਚ ਸਟੇਅ ਕੀਤਾ ਜਾ ਸਕਦਾ ਹੈ।
- ਪਹਿਲਾ ਅਤੇ ਅੰਤਿਮ ਪੜਾਅ ਜਲੰਧਰ ਵਿਖੇ।

★ ਸੰਪਰਕ ★

ਭਾਈ ਰਘਵੀਰ ਸਿੰਘ
+44 7976 210161




CROWN
INTERIOR DESIGN
DESIGN - MANUFACTURING SUPPLY AND FITTING
Follow us on :
DEALS IN :
ਆਵਾਜ਼ਿ ਕੌਮ AWAZE QAUM
International Newspaper & WEB TV
Kitchens
Bedrooms
Media Wall
Loft
Wardrobes & Sliding Doors
Dressing Table
Study Room
Bar
All Inclusive Free Measurement
Design & Quotes
07878947025, 07588 336444
info@crowninteriordesigns.com
Unit 86, Imex Trading Estate, Upper Villiers Street
Wolverhampton, WV2 4XA
SCAN HERE FOR WEBSITE



SCAN HERE FOR
WEBSITE
Follow us on :
CROWN
INTERIOR DESIGN
DESIGN - MANUFACTURING SUPPLY AND FITTING
07878947025, 07588 336444
info@crowninteriordesigns.com
Unit 86, Imex Trading Estate, Upper Villiers Street
Wolverhampton, WV2 4XA
ਆਵਾਜ਼ਿ ਕੌਮ
AWAZE QAUM
International Newspaper & WEB TV

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

---


ਧੁਰ ਕੀ ਬਾਣੀ ... ਦਮਦਮੀ ਟਕਸਾਲ
ਨਾਮ ਜਪੋ
ਕਿਰਤ ਕਰੋ
ਵੰਡ ਛਕੋ
Naam Japo
Kirat Karo
Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net


---


ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for **AWAZE QAUM** Channel
https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

---


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਨੌਵੇ ਪਾਤਸ਼ਾਹ ਧੰਨ-ਧੰਨ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ
350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ
ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਤੇ
ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ
ਮਾਤਾ ਸਾਹਿਬ ਕੌਰ ਜੀ



ਸੰਤ ਜਰਨੈਲ ਸਿੰਘ ਜੀ ਖਾਲਸਾ
ਭਿੰਡਰਾਂ ਵਾਲੇ

# ਗੁਰਮਤਿ ਸਮਾਗਮ

1 ਨਵੰਬਰ 2025, ਦਿਨ ਸ਼ਨੀਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ –20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ –1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਨੋਟ : ਇਹ ਸਮਾਗਮ 13 ਦਿਨ ਚੱਲੇਗਾ ਦੇਸ਼-ਵਿਦੇਸ਼ ਤੋਂ ਸੰਗਤਾਂ ਪਹੁੰਚ ਰਹੀਆ।
ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ
98141-27470
84278-66404
73408-35137

# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★









## SANJHA PUNJAB

VEG & NON-VEG INDIAN

TAKE AWAY MENU

0116 291 1565
075 9999 5787

47 BELGRAVE ROAD
LEICESTER LE4 6AR

visit us : www.sanjhapunjab.co.uk
email: sanjha47@hotmail.com

## SANJHA PUNJAB

VEG & NON-VEG INDIAN

0116 291 1565

visit us : www.sanjhapunjab.co.uk
email: sanjha47@hotmail.com

ALLERGY ADVICE !!

Please ask a member of staff if you have any food intolerance or allergies.

ਆਵਾਜ਼ਿ ਕੌਮ AWAZE QAUM
International Newspaper & WEB TV

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਆਵਾਜ਼ਿ ਕੌਮ AWAZE QAUM TV

# AWAZE QAUM TOURS & TRAVELS

ORGANISE

# PANJ TAKHAT YATRA

# ਪੰਜ ਤਖ਼ਤ ਦਰਸ਼ਨ ਯਾਤਰਾ

## ( FROM 15th FEB 2026 TO 25th FEB 2026 )

10 Nights 11 Days Tour From 15th Feb 2026 to 25th Feb 2026

**AKAL TAKHAT SAHIB & 5 OTHER PLACES | HYDRABAD & 2 OTHER PLACES**
**HAZUR SAHIB & 8 OTHER GURUDWARAS | PATNA SAHIB & 5 OTHER GURUDWARA**
**CHANDIGARH & SUKHNA LAKE | ANANDPUR SAHIB & 4 OTHER GURUDWARAS**
**DAMDAMA SAHIB & 3 OTHER GURUDWARAS**

- Luxury Hotel with Breakfast & Dinner
- Luxury Air-conditioned Coaches
- Domestic Flights
- Guide
- Flexibility to stay in India before & after the trip*
- Starting and Ending Point at Jalandhar

NOTE: TO BOOK DEPOSIT £600 AS AN ADVANCE INTO THE MENTIONED BANK ACCOUNT
BALANCE AMOUNT NEED TO BE DEPOSITED 2 WEEKS BEFORE THE TRAVEL DATE

Account Name
RAGHBIR SINGH
Bank Name
HALIFAX
Sort Code 11-08-07
Account Number
00516474

**ADVICE**

REQUEST TO ALL SANGAT TO HAVE YOUR OWN TRAVEL INSURANCE INDIVIDUALLY !

**FOR MORE INFO CONTACT**

**RAGHBIR SINGH**
(CALL +44 7458 381111, +44 7976 210161)


PARAMJIT SHERGILL
+44 7858 198159

INDERJIT KAUR
+44 7883 635835


KULVINDER MANN
+44 7900 982906

121, BROADWAY WEST WALSALL, WEST MIDLANDS, WS1 4DW, ENGLAND UK

## ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥







ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ, ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ, ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ ਗੁਰਤਗੱਦੀ ਦਿਵਸ, ਮਾਤਾ ਸਾਹਿਬ ਕੌਰ ਜੀ ਦਾ ਜਨਮ ਦਿਹਾੜਾ, ਭਾਈ ਮਤੀ ਦਾਸ, ਭਾਈ ਸਤੀ ਰਾਮ, ਭਾਈ ਦਿਆਲ ਦਾਸ, ਭਾਈ ਜੈਤਾ ਅਤੇ ਭਾਈ ਲੱਖੀ ਸ਼ਾਹ ਬਨਜਾਰਾ ਨੂੰ ਸਮਰਪਿਤ



# 29ਵਾਂ ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ) ਬੱਬਰਾਂ ਦੇ ਹਾਈ ਕੋਰਟ

20 ਅਕਤੂਬਰ ਦਿਨ ਸੋਮਵਾਰ ਤੋਂ 1 ਨਵੰਬਰ ਦਿਨ ਸ਼ਨੀਵਾਰ ਤੱਕ 13 ਦਿਨ ਸਮਾਗਮ

## ਮਿਤੀ 1 ਨਵੰਬਰ 2025 ਦਿਨ ਸ਼ਨੀਵਾਰ

ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ ।

ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ ।



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ

## 1 ਨਵੰਬਰ 2025 ਦਿਨ ਸ਼ਨੀਵਾਰ ਨੂੰ

ਲੜੀ ਭੋਗ ਸ਼੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ ਸ਼ਾਮ 4-00 ਵਜੇ ਤੱਕ ਦੀਵਾਨ ਸਜਣਗੇ ।



## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ


ਦਮਦਮੀ ਟਕਸਾਲ

ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ

ਮੁੱਖ ਬੁਲਾਰਾ ਅੰਤਰਰਾਸ਼ਟਰੀ ਇੰਟਰਨੈਸ਼ਨਲ ਪੰਥਕ ਦਲ

ਮੋ: 98141-27470, 73408-35137

ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404



ਆਵਾਜ਼ਿ ਕੌਮ AWAZE QAUM International Newspaper & WEB TV

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਵਾਹਿਗੁਰੂ ਜੀ ਕਾ ਖਾਲਸਾ।

ਆਵਾਜ਼ਿ ਕੌਮ
AWAZE QAUM

ਆਵਾਜ਼ਿ-ਕੌਮ
ਟੂਰ ਐਂਡ ਟਰੈਵਲਜ਼

ਵਾਹਿਗੁਰੂ ਜੀ ਕੀ ਫ਼ਤਹਿ॥


**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**



ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜੂਰ ਸਾਹਿਬ
SRI HAZUR SAHIB

# PANJ TAKHAT YATRA

**Thank you for choosing us to go to PANJ TAKHAT YATRA in February 2026 (15th Feb – 25thFeb 2026). During the stay we will try to provide you with all the possible facilities to make this trip a memorable one.**

## Tour Package

**Akal Takhat Sahib & 5 Other Places**
**Hydrabad & 5 Other Places**
**Hazur Sahib & 8 Other Gurudwaras**
**Patna Sahib & 5 Other Gurudwaras**
**Chandigarh & Sukhna Lake**
**Anandpur Sahib & 4 Other Gurudwaras**
**Damdama Sahib & 3 Other Gurudwaras**

- Luxury Hotel With Breakfast & Dinner
- Luxury Air-Conditioned Coaches
- Domestic Flights
- Guided
- Flexibility to stay in India before & after the trip
- Starting and Ending Point at Jalandhar

**Note : To Book Deposit £600 as an advance into the mentioned bank account balance amout need to be deposited 2 weeks before the travel date.**

**Account Name : RAGHBIR SINGH**
**Bank Name : HALIFAX**
**Sort Code : 11-08-07**
**Account No. : 00516474**

**Contact Detail :**
**+44 7458 381111 +44 7976 210161**
**email: gnstuk@hotmail.com**

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

**--ADVICE--**
**Request to all Sangat to have own travel Insurance individualy!**

**Program is subject to change without Prior Notice.**

ਆਵਾਜ਼ਿ ਕੌਮ AWAZE QAUM

## JOURNEY OF A LIFE TIME
## PANJ TAKHAT YATRA
### 5 TAKHAT YATRA - 10 NIGHTS / 11 DAYS

ਆਵਾਜ਼ਿ ਕੌਮ AWAZE QAUM

### 15th FEB. Day 1st.



**Meeting** at Gurdwara Sri Dukh Niwaran sahib patshahi 9 Guru Teg Bahadur Nagar Jalandhar and start the journey on ward drive to Amritsar sahib stop at Kartar pur to see Jung e Ajadi museum ( if it is open) later drive to Amritsar check in hotel and later visit to Sri Akal Takhat sahib back to hotel and dinner in the hotel.

### 16th Feb. Day 2nd.




Early morning check out to drive to airport to take flight at 730 am to Hyderabad after arrival and proceed to see the museum than back to the hotel check in and lunch in the hotel later at 4 pm proceed to visit char minar dinner will be paid by the people directly.

### 17th Feb Day 3rd



After break fast drive to Bidar it is 3 hrs journey on arrival Darshan and lunch at the Langar than drive to Nanded again 3 hrs journey reach there check in sran and do darshan dinner at the langar.

### 18th Feb Day4th



Morning Darshan and break fast in the Langar After breakfast start for the tour of Gurdwaras, Visit to Gurdwara Nagina Ghat, Gurdwara Baba Banda Bahadur ji, Gurdwara Mal Tekri sahib, Gurdwara Heera Ghat later Gurdwara Mata Sahib Deva ji- Lunch in the langar, later to gurdwara Shikar Ghat here you have tea with pakoras later to gurdwara Sangat sahib back to city of Nanded and visit to Gurdwara Baba Nidhan singh ji, dinner at the Langar of Baba Nidhan singh ji

### 19th Feb Day5th



Leave at 6 am and drive to Hyderabaad we will stop at kings restaurant for quick tea and to use of wash rooms than to Hyderabad at paradise restaurant to have quick hyderabaadi veg biryani paid by the AWAJE QUAM TOURS from here we proceed to airport for the flight to Patna sahib arrival and we proceed to our hotel check in and dinner in the hotel

### 20th Feb. Day 6th



After break fast proceed to visit to Gurdwara Sach Khand Sri Patna sahib later Gurdwara Bal Leela sahib and Langar here later visit to Gurdwara Kangan Ghat sahib, Gurdwara Gau Ghat sahib Gurdwara Guru Ka Bagh and gurdwara Handi sahib back to our hotel and do dinner

### 21st Feb Day 7th



After Break fast proceed to the airport for the flight to chandigarh arrival and from here we go to visit to Sukhna lake later check in the hotel dinner at the hotel and relax.

### 22th Feb Day 8th



After breakfast proceed to visit to Anandpur sahib lunch at the langar later drive to Bathinda check in hotel and dinner at the hotel and relax.

### 23rd Feb Day 9th



After break fast proceed at 9 am to visit Takhat sri Damdama Sahib lunch at the Langar after that we proceed to Sri Amritsar sahib check in hotel dinner at the hotel.

### 24th Feb Day 10th



After break fast proceed at 9 am to visit Sri Harimander sahib, jallianwala bagh Parition Musuem and lunch at the Bharawan da dhabha by the AWAJE QAUM TOURS than drive to Wagah Border, See the ceremony then back to the hotel. Dinner at the hotel.

### 25th Feb Day 11th

**After breakfast proceed to Jalandhar to end the tour with happy memories and with promise to travel again together at Gurdwara Sri Dukh Niwaran sahib Patshahi 9th Guru Teg Bahdur ji Nagar.**

**THANKS FOR TRAVELLING WITH US & STAY BLESSED! LOOKING FORWARD TO TAKE YOU TO ON ANOTHER GREAT JOURNEY**

**FOR MORE INFORMATION PLS. CONTACT**


| | | | |
|---|---|---|---|
| **RAGHBIR SINGH** | **PARAMJIT SHERGILL** | **INDERJIT KAUR** | **KULVINDER MANN** |
| **+44 7458 381111, +44 7976 210161** | **+44 7858 198159** | **+44 7883 635835** | **+44 7900 982906** |




# ਹਰਜਿੰਦਰ ਸਿੰਘ ਟਰੱਕ ਹਾਦਸਾ- ਨਿਰਪੱਖ ਜਾਂਚ ਅਤੇ ਮਨੁੱਖੀ ਵਿਚਾਰਾਂ ਦੀ ਲੋੜ

**ਹਾਲ ਹੀ** ਵਿੱਚ ਅਮਰੀਕਾ ਦੇ ਫਲੋਰੀਡਾ ਰਾਜ ਵਿੱਚ ਅਗਸਤ ਮਹੀਨੇ ਵਿੱਚ ਵਾਪਰੇ ਇੱਕ ਭਿਆਨਕ ਸੜਕ ਹਾਦਸੇ ਨੇ ਨਾ ਸਿਰਫ਼ ਤਿੰਨ ਅਮਰੀਕੀ ਨਾਗਰਿਕਾਂ ਦੀ ਜਾਨ ਲਈ ਹੈ ਬਲਕਿ ਇੱਕ ਵੱਡੇ ਵਿਵਾਦ ਨੂੰ ਵੀ ਜਨਮ ਦਿੱਤਾ ਹੈ। ਇਹ ਹਾਦਸਾ ਇੱਕ ਟਰੱਕ ਡਰਾਈਵਰ ਵੱਲੋਂ ਗਲਤ ਯੂ-ਟਰਨ ਲੈਣ ਕਾਰਨ ਵਾਪਰਿਆ ਮੰਨਿਆ ਜਾ ਰਿਹਾ ਹੈ, ਜਿਸ ਵਿੱਚ ਭਾਰਤੀ ਮੂਲ ਦੇ ਇੱਕ ਸਿੱਖ ਡਰਾਈਵਰ ਹਰਜਿੰਦਰ ਸਿੰਘ ਨੂੰ ਮੁੱਖ ਦੋਸ਼ੀ ਠਹਿਰਾਇਆ ਜਾ ਰਿਹਾ ਹੈ। ਹਰਜਿੰਦਰ ਸਿੰਘ, ਜੋ ਕਿ 28 ਸਾਲਾਂ ਦਾ ਨੌਜਵਾਨ ਹੈ ਅਤੇ ਪੰਜਾਬ ਦੇ ਤਰਨ ਤਾਰਨ ਜ਼ਿਲ੍ਹੇ ਨਾਲ ਸਬੰਧ ਰੱਖਦਾ ਹੈ, ਨੂੰ ਵਾਹਨੀ ਹੱਤਿਆ ਦੇ ਤਿੰਨ ਮਾਮਲਿਆਂ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਹੈ ਅਤੇ ਉਸ ਨੂੰ 45 ਸਾਲਾਂ ਤੱਕ ਦੀ ਸਜ਼ਾ ਹੋ ਸਕਦੀ ਹੈ। ਇਸ ਘਟਨਾ ਨੇ ਨਾ ਸਿਰਫ਼ ਸੜਕੀ ਸੁਰੱਖਿਆ ਦੇ ਮੁੱਦੇ ਨੂੰ ਉਭਾਰਿਆ ਹੈ ਬਲਕਿ ਪ੍ਰਵਾਸੀ ਡਰਾਈਵਰਾਂ ਦੀ ਸਥਿਤੀ, ਨਿਆਂ ਵਿਵਸਥਾ ਅਤੇ ਮਨੁੱਖੀ ਵਿਚਾਰਾਂ ਨੂੰ ਵੀ ਚਰਚਾ ਵਿੱਚ ਲਿਆਂਦਾ ਹੈ। ਪਰ ਇਸ ਸਭ ਵਿੱਚ ਇੱਕ ਅਹਿਮ ਸਵਾਲ ਉੱਠਦਾ ਹੈ ਕਿ ਕੀ ਇਸ ਹਾਦਸੇ ਵਿੱਚ ਸਿਰਫ਼ ਇੱਕ ਪੱਖ ਨੂੰ ਹੀ ਕਸੂਰਵਾਰ ਠਹਿਰਾਉਣਾ ਉਚਿਤ ਹੈ ਜਾਂ ਇਸ ਨੂੰ ਵਧੇਰੇ ਗਹਿਰਾਈ ਨਾਲ ਵੇਖਣ ਦੀ ਲੋੜ ਹੈ?

ਘਟਨਾ ਦੇ ਵੇਰਵੇ ਵੱਲ ਵੇਖੀਏ ਤਾਂ ਫਲੋਰੀਡਾ ਟਰਨਪਾਈਕ ਤੇ ਵਾਪਰੇ ਇਸ ਹਾਦਸੇ ਵਿੱਚ ਹਰਜਿੰਦਰ ਸਿੰਘ ਇੱਕ ਵੱਡੇ ਟਰੱਕ ਨੂੰ ਚਲਾ ਰਿਹਾ ਸੀ। ਪੁਲਿਸ ਅਤੇ ਗਵਾਹਾਂ ਅਨੁਸਾਰ, ਉਸ ਨੇ ਇੱਕ ਅਣਅਧਿਕਾਰਤ ਜਗ੍ਹਾ ਤੇ ਯੂ-ਟਰਨ ਲੈਣ ਦੀ ਕੋਸ਼ਿਸ਼ ਕੀਤੀ, ਜਿਸ ਕਾਰਨ ਟਰੱਕ ਜੈੱਕਨਾਈਫ ਹੋ ਗਿਆ ਅਤੇ ਸੜਕ ਨੂੰ ਬੰਦ ਕਰ ਦਿੱਤਾ। ਉਸ ਸਮੇਂ ਪਿੱਛੇ ਤੋਂ ਆ ਰਹੀ ਇੱਕ ਮਿਨੀਵੈਨ ਇਸ ਨਾਲ ਟਕਰਾ ਗਈ, ਜਿਸ ਵਿੱਚ ਸਵਾਰ ਤਿੰਨ ਵਿਅਕਤੀਆਂ ਦੀ ਮੌਤ ਹੋ ਗਈ। ਇਹ ਤਿੰਨੇ ਅਮਰੀਕੀ ਨਾਗਰਿਕ ਸਨ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਇਸ ਨਾਲ ਅਥਾਹ ਦੁੱਖ ਪਹੁੰਚਿਆ ਹੈ। ਵੀਡੀਓ ਫੁਟੇਜ ਵਿੱਚ ਵੀ ਇਹ ਯੂ-ਟਰਨ ਸਾਫ਼ ਦਿਖਾਈ ਦਿੰਦਾ ਹੈ, ਜਿਸ ਨੇ ਅਧਿਕਾਰੀਆਂ ਨੂੰ ਹਰਜਿੰਦਰ ਨੂੰ ਗ੍ਰਿਫ਼ਤਾਰ ਕਰਨ ਲਈ ਬਹੁਤ ਜਲਦੀ ਪ੍ਰੇਰਿਤ ਕੀਤਾ। ਹਰਜਿੰਦਰ ਨੂੰ ਅਮਰੀਕਾ ਵਿੱਚ ਗੈਰਕਾਨੂੰਨੀ ਤਰੀਕੇ ਨਾਲ ਦਾਖਲ ਹੋਣ ਵਾਲਾ ਵੀ ਮੰਨਿਆ ਜਾ ਰਿਹਾ ਹੈ, ਜਿਸ ਨੇ ਇਸ ਮਾਮਲੇ ਨੂੰ ਸਿਆਸੀ ਰੰਗ ਵੀ ਦੇ ਦਿੱਤਾ ਹੈ। ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੇ ਇਸ ਨੂੰ ਕੈਲੀਫੋਰਨੀਆ ਦੀ ਨੀਤੀਆਂ ਨਾਲ ਜੋੜ ਕੇ ਆਲੋਚਨਾ ਕੀਤੀ ਹੈ, ਜਿੱਥੋਂ ਹਰਜਿੰਦਰ ਨੇ ਆਪਣਾ ਕਮਰਸ਼ੀਅਲ ਡਰਾਈਵਿੰਗ ਲਾਇਸੈਂਸ ਹਾਸਲ ਕੀਤਾ ਸੀ। ਉਸ ਨੇ ਅੰਗਰੇਜ਼ੀ ਅਤੇ ਰੋਡ ਸਾਈਨ ਟੈਸਟ ਵਿੱਚ ਵੀ ਕਈ ਵਾਰ ਫੇਲ੍ਹ ਹੋਣ ਤੋਂ ਬਾਅਦ ਇਹ ਲਾਇਸੈਂਸ ਪ੍ਰਾਪਤ ਕੀਤਾ ਸੀ, ਜਿਸ ਨੇ ਸੜਕੀ ਸੁਰੱਖਿਆ ਦੇ ਮਾਪਡੰਡਾਂ 'ਤੇ ਵੀ ਸਵਾਲ ਖੜ੍ਹੇ ਕੀਤੇ ਹਨ।

ਪਰ ਇਸ ਸਭ ਵਿੱਚ ਇੱਕ ਅਹਿਮ ਪਹਿਲੂ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ। ਕੀ ਇਸ ਹਾਦਸੇ ਵਿੱਚ ਸਿਰਫ਼ ਟਰੱਕ ਡਰਾਈਵਰ ਹੀ ਕਸੂਰਵਾਰ ਹੈ ਜਾਂ ਮ੍ਰਿਤਕਾਂ ਨੂੰ ਲੈ ਕੇ ਜਾ ਰਹੀ ਮਿਨੀਵੈਨ ਦੇ ਡਰਾਈਵਰ ਦੀ ਵੀ ਕੋਈ ਜ਼ਿੰਮੇਵਾਰੀ ਬਣਦੀ ਹੈ? ਵੱਡੇ ਟਰੱਕ ਵਰਗੇ ਵਾਹਨਾਂ ਦੇ ਯੂ-ਟਰਨ ਲੈਣ ਨੂੰ ਦੂਰੋਂ ਹੀ ਵੇਖਿਆ ਜਾ ਸਕਦਾ ਹੈ। ਅਜਿਹੇ ਵਿੱਚ, ਜੇਕਰ ਮਿਨੀਵੈਨ ਦੇ ਡਰਾਈਵਰ ਨੇ ਸਮੇਂ ਸਿਰ ਬ੍ਰੇਕ ਲਗਾਉਣ ਦੀ ਕੋਸ਼ਿਸ਼ ਕੀਤੀ ਹੁੰਦੀ ਤਾਂ ਸ਼ਾਇਦ ਇਹ ਦੁਰਘਟਨਾ ਟਲ ਸਕਦੀ ਸੀ। ਇਹ ਸਵਾਲ ਉੱਠਣਾ ਲਾਜ਼ਮੀ ਹੈ ਕਿ ਕੀ ਮ੍ਰਿਤਕ ਡਰਾਈਵਰ ਮਾਨਸਿਕ ਤੌਰ ਤੇ ਪੂਰੀ ਤਰ੍ਹਾਂ ਸੁਚੇਤ ਸੀ ਜਾਂ ਉਹ ਆਪਣੇ ਸੁਭਾਅ ਵਿੱਚ ਲਾਪਰਵਾਹੀ ਵਾਲਾ ਵਿਹਾਰ ਰੱਖਦਾ ਸੀ? ਸੜਕਾਂ ਤੇ ਡਰਾਈਵਿੰਗ ਕਰਦੇ ਸਮੇਂ ਹਰ ਡਰਾਈਵਰ ਨੂੰ ਪੂਰੀ ਇਕਾਗਰਤਾ ਅਤੇ ਸਤਰਕਤਾ ਵਰਤਣੀ ਚਾਹੀਦੀ ਹੈ। ਜੇਕਰ ਦੂਰੋਂ ਵੱਡੇ ਵਾਹਨ ਦੀ ਅਸਧਾਰਨ ਹਰਕਤ ਵੇਖ ਕੇ ਵੀ ਬ੍ਰੇਕ ਨਹੀਂ ਲਗਾਏ ਗਏ ਤਾਂ ਇਹ ਵੀ ਇੱਕ ਵੱਡੀ ਗਲਤੀ ਹੈ। ਗਲਤ ਡਰਾਈਵਿੰਗ ਨਾਲ ਅਮਰੀਕਾ ਦੇ ਸੜਕੀ ਨਿਯਮਾਂ ਤਹਿਤ ਜੁਰਮਾਨਾ ਹੁੰਦਾ ਹੈ। ਪਰ ਰੋਡ 'ਤੇ ਗੱਡੀ ਚਲਾਉਂਦੇ ਹੋਏ ਸੁਚੇਤ ਨਾ ਰਹਿਣਾ, ਲੋੜ ਪੈਣ ਤੇ ਬਰੇਕਾਂ ਦਾ ਇਸਤੇਮਾਲ ਨਾ ਕਰਨਾ ਵੱਡੀ ਲਾਪਰਵਾਹੀ ਅਤੇ ਜਾਨ-ਮਾਲ ਦਾ ਨੁਕਸਾਨ ਕਰਨ ਵੱਲ ਪਹਿਲਾਂ ਕਦਮ ਹੈ। ਅਮਰੀਕੀ ਸੜਕਾਂ ਤੇ ਹਾਈਵੇਆਂ ਤੇ ਅਜਿਹੇ ਹਾਦਸੇ ਅਕਸਰ ਵਾਪਰਦੇ ਹਨ ਜਿੱਥੇ ਇੱਕ ਪੱਖ ਦੀ ਗਲਤੀ ਨੂੰ ਦੂਜੇ ਪੱਖ ਦੀ ਅਣਗਹਿਲੀ ਨਾਲ ਜੋੜ ਕੇ ਵੇਖਿਆ ਜਾਂਦਾ ਹੈ। ਇਸ ਲਈ, ਇਸ ਮਾਮਲੇ ਵਿੱਚ ਵੀ ਇੱਕ ਨਿਰਪੱਖ ਜਾਂਚ ਦੀ ਲੋੜ ਹੈ ਜੋ ਦੋਵਾਂ ਪੱਖਾਂ ਨੂੰ ਬਰਾਬਰ ਤੱਕੜੀ ਵਿੱਚ ਰੱਖ ਕੇ ਵੇਖੇ।

ਸੜਕੀ ਹਾਦਸੇ ਅਕਸਰ ਇੱਕ ਨਹੀਂ ਬਲਕਿ ਕਈ ਕਾਰਨਾਂ ਦੇ ਮਿਲਣ ਨਾਲ ਵਾਪਰਦੇ ਹਨ। ਇਸ ਘਟਨਾ ਵਿੱਚ ਵੀ ਟਰੱਕ ਡਰਾਈਵਰ ਵੱਲੋਂ ਗਲਤ ਯੂ-ਟਰਨ ਲੈਣਾ ਨਿਸ਼ਚਿਤ ਤੌਰ ਤੇ ਇੱਕ ਵੱਡੀ ਗਲਤੀ ਸੀ। ਪਰ ਇਸ ਨੂੰ ਹੀ ਸਾਰੇ ਦੋਸ਼ਾਂ ਦਾ ਕੇਂਦਰ ਬਣਾ ਕੇ ਮਾਮਲੇ ਨੂੰ ਬੰਦ ਕਰਨਾ ਜਾਂ ਇੱਕ-ਪਾਸੜ ਫੈਸਲਾ ਲੈਣਾ ਗਲਤ ਹੋਵੇਗਾ। ਮਿਨੀਵੈਨ ਦੇ ਡਰਾਈਵਰ ਨੂੰ ਵੀ ਸੜਕ ਤੇ ਪੂਰੀ ਨਿਗਰਾਨੀ ਰੱਖਣੀ ਚਾਹੀਦੀ ਸੀ। ਅਮਰੀਕੀ ਨਿਯਮਾਂ ਅਨੁਸਾਰ, ਹਾਈਵੇਆਂ ਤੇ ਡਰਾਈਵਿੰਗ ਕਰਦੇ ਸਮੇਂ ਇੱਕ ਨਿਸ਼ਚਿਤ ਦੂਰੀ ਰੱਖਣੀ ਅਤੇ ਅਚਾਨਕ ਵਾਪਰਨ ਵਾਲੀਆਂ ਘਟਨਾਵਾਂ ਲਈ ਤਿਆਰ ਰਹਿਣਾ ਜ਼ਰੂਰੀ ਹੈ। ਜੇਕਰ ਵੀਡੀਓ ਫੁਟੇਜ ਨੂੰ ਧਿਆਨ ਨਾਲ ਵੇਖਿਆ ਜਾਵੇ ਤਾਂ ਇਹ ਸਪੱਸ਼ਟ ਹੈ ਕਿ ਟਰੱਕ ਦੀ ਹਰਕਤ ਦੂਰੋਂ ਵਿਖਾਈ ਦੇ ਰਹੀ ਸੀ। ਫਿਰ ਵੀ ਟੱਕਰ ਵਾਪਰਨ ਨਾਲ ਇਹ ਸੰਕੇਤ ਮਿਲਦਾ ਹੈ ਕਿ ਮਿਨੀਵੈਨ ਦੀ ਗਤੀ ਬਹੁਤ ਤੇਜ਼ ਸੀ ਜਾਂ ਡਰਾਈਵਰ ਗੱਡੀ ਚਲਾਉਂਦੇ ਸਮੇਂ ਸੁਚੇਤ ਨਹੀਂ ਸੀ। ਅਜਿਹੇ ਵਿੱਚ, ਇਹ ਕਹਿਣਾ ਗਲਤ ਨਹੀਂ ਹੋਵੇਗਾ ਕਿ ਇਹ ਦੁਰਘਟਨਾ ਦੋ ਗਲਤੀਆਂ ਦੇ ਮੇਲ ਨਾਲ ਵਾਪਰੀ ਹੈ। ਇੱਕ ਪਾਸੇ ਗਲਤ ਯੂ-ਟਰਨ ਅਤੇ ਦੂਜੇ ਪਾਸੇ ਸੜਕ ਤੇ ਗੱਡੀ ਚਲਾਉਂਦੇ ਸਮੇਂ ਅਣਗਹਿਲੀ ਵਰਤਣਾ। ਇਸ ਲਈ, ਅਦਾਲਤ ਨੂੰ ਇਸ ਪੂਰੇ ਹਾਦਸੇ ਨੂੰ ਵੱਖਰੇ ਤੌਰ ਤੇ ਵੇਖਣ ਦੀ ਬਜਾਏ ਸਮੁੱਚੇ ਤੌਰ ਤੇ ਹਾਦਸੇ ਦਾ ਵਿਸ਼ਲੇਸ਼ਣ ਕਰਨਾ ਚਾਹੀਦਾ ਹੈ।

ਹਰਜਿੰਦਰ ਸਿੰਘ ਦੇ ਪਰਿਵਾਰ ਨੇ ਵੀ ਇਸ ਮਾਮਲੇ ਵਿੱਚ ਨਰਮੀ ਦੀ ਅਪੀਲ ਕੀਤੀ ਹੈ। ਉਨ੍ਹਾਂ ਅਨੁਸਾਰ, ਹਰਜਿੰਦਰ ਇੱਕ ਨੌਜਵਾਨ ਹੈ ਅਤੇ ਇਹ ਉਸ ਦੀ ਬਦਕਿਸਮਤੀ ਸੀ। ਉਹ ਅਮਰੀਕਾ ਵਿੱਚ ਬਿਹਤਰ ਜੀਵਨ ਲਈ ਆਇਆ ਸੀ ਅਤੇ ਟਰੱਕ ਡਰਾਈਵਿੰਗ ਨਾਲ ਆਪਣੇ ਪਰਿਵਾਰ ਨੂੰ ਸਹਾਇਤਾ ਕਰ ਰਿਹਾ ਸੀ। ਚੇਂਜ ਡਾਟ ਓਆਰਜੀ ਤੇ ਇੱਕ ਪਟੀਸ਼ਨ ਵੀ ਸ਼ੁਰੂ ਕੀਤੀ ਗਈ ਹੈ ਜਿਸ ਵਿੱਚ ਲੱਖਾਂ ਲੋਕਾਂ ਨੇ ਹਸਤਾਖਰ ਕੀਤੇ ਹਨ ਅਤੇ ਨਰਮੀ ਦੀ ਮੰਗ ਕੀਤੀ ਗਈ ਹੈ। ਇਹ ਪਟੀਸ਼ਨ ਇਹ ਵੀ ਕਹਿੰਦੀ ਹੈ ਕਿ ਹਰਜਿੰਦਰ ਨੂੰ ਅਚਨਚੇਤ ਹੋਈ ਗਲਤੀ ਲਈ ਇੰਨੀ ਸਖਤ ਸਜ਼ਾ ਨਹੀਂ ਦਿੱਤੀ ਜਾਣੀ ਚਾਹੀਦੀ। ਇਸ ਸਥਿਤੀ ਵਿੱਚ, ਨਿਆਂ ਵਿਵਸਥਾ ਨੂੰ ਨਿਰਪੱਖ ਰਹਿਣਾ ਚਾਹੀਦਾ ਹੈ ਅਤੇ ਫੈਸਲਾ ਮਨੁੱਖੀ ਵਿਚਾਰਾਂ ਨੂੰ ਆਧਾਰ ਬਣਾ ਕੇ ਕਰਨਾ ਚਾਹੀਦਾ ਹੈ। ਕੀ ਗਲਤ ਯੂ-ਟਰਨ ਲੈਣ ਦੀ ਸਜ਼ਾ ਇੰਨੀ ਸਖਤ ਹੋਣੀ ਚਾਹੀਦੀ ਹੈ ਜਾਂ ਇਸ ਵਿੱਚ ਹੋਰ ਕਾਰਕ ਵੀ ਸ਼ਾਮਲ ਹਨ?

ਸੜਕੀ ਸੁਰੱਖਿਆ ਦੇ ਨਜ਼ਰੀਏ ਤੋਂ ਵੇਖੀਏ ਤਾਂ ਅਮਰੀਕਾ ਵਿੱਚ ਹਰ ਸਾਲ ਹਜ਼ਾਰਾਂ ਹਾਦਸੇ ਵਾਪਰਦੇ ਹਨ ਜਿੱਥੇ ਵੱਡੇ ਵਾਹਨ ਸ਼ਾਮਲ ਹੁੰਦੇ ਹਨ। ਇਨ੍ਹਾਂ ਵਿੱਚੋਂ ਬਹੁਤੇ ਕੇਸਾਂ ਵਿੱਚ ਡਰਾਈਵਰਾਂ ਦੀ ਅਣਗਹਿਲੀ ਜਾਂ ਨਿਯਮਾਂ ਦੀ ਉਲੰਘਣਾ ਹੀ ਮੁੱਖ ਕਾਰਨ ਹੁੰਦੀ ਹੈ। ਪਰ ਪ੍ਰਵਾਸੀ ਡਰਾਈਵਰਾਂ ਦੇ ਮਾਮਲੇ ਵਿੱਚ ਇਹ ਵਧੇਰੇ ਜਟਿਲ ਹੋ ਜਾਂਦਾ ਹੈ ਕਿਉਂਕਿ ਉਨ੍ਹਾਂ ਨੂੰ ਅਕਸਰ ਭਾਸ਼ਾ, ਨਿਯਮਾਂ ਅਤੇ ਸਥਾਨਕ ਸੜਕਾਂ ਦੀ ਜਾਣਕਾਰੀ ਦੀ ਕਮੀ ਹੁੰਦੀ ਹੈ। ਹਰਜਿੰਦਰ ਨੇ ਵੀ ਅੰਗਰੇਜ਼ੀ ਟੈਸਟ ਵਿੱਚ ਫੇਲ੍ਹ ਹੋਣ ਤੋਂ ਬਾਅਦ ਲਾਇਸੈਂਸ ਪ੍ਰਾਪਤ ਕੀਤਾ, ਜਿਸ ਨੇ ਸਿਸਟਮ ਤੇ ਵੀ ਸਵਾਲ ਖੜ੍ਹੇ ਕੀਤੇ ਹਨ। ਕੈਲੀਫੋਰਨੀਆ ਵਰਗੇ ਰਾਜਾਂ ਵਿੱਚ ਪ੍ਰਵਾਸੀਆਂ ਨੂੰ ਲਾਇਸੈਂਸ ਦੇਣ ਦੀ ਨੀਤੀ ਨੂੰ ਵੀ ਆਲੋਚਨਾ ਮਿਲ ਰਹੀ ਹੈ। ਪਰ ਇਸ ਨਾਲ ਇਹ ਵੀ ਸਾਬਤ ਨਹੀਂ ਹੁੰਦਾ ਕਿ ਸਿਰਫ਼ ਪ੍ਰਵਾਸੀ ਹੀ ਗਲਤ ਹੁੰਦੇ ਹਨ। ਅਮਰੀਕੀ ਡਰਾਈਵਰ ਵੀ ਅਕਸਰ ਤੇਜ਼ ਰਫ਼ਤਾਰ ਜਾਂ ਫ਼ੋਨ ਵਰਤਣ ਕਾਰਨ ਹਾਦਸੇ ਵਰਤਾਉਂਦੇ ਹਨ। ਇਸ ਲਈ, ਇਸ ਘਟਨਾ ਨੂੰ ਨਸਲੀ ਜਾਂ ਪ੍ਰਵਾਸੀ ਵਿਰੋਧੀ ਰੰਗ ਨਾ ਦੇ ਕੇ ਸੜਕੀ ਸੁਰੱਖਿਆ ਨੂੰ ਮਜ਼ਬੂਤ ਕਰਨ ਵੱਲ ਧਿਆਨ ਦੇਣਾ ਚਾਹੀਦਾ ਹੈ।

ਇੱਕ ਵੱਡੇ ਪੱਧਰ ਤੇ ਵੇਖੀਏ ਤਾਂ ਅਜਿਹੇ ਹਾਦਸੇ ਸਾਨੂੰ ਡਰਾਈਵਿੰਗ ਦੇ ਨਿਯਮਾਂ ਅਤੇ ਜਾਗਰੂਕਤਾ ਬਾਰੇ ਸੋਚਣ ਲਈ ਮਜਬੂਰ ਕਰਦੇ ਹਨ। ਭਾਰਤ ਵਿੱਚ ਡਰਾਈਵਿੰਗ ਸਿੱਖਣ ਵਾਲੇ ਲੋਕ ਅਕਸਰ ਅਮਰੀਕੀ ਨਿਯਮਾਂ ਨਾਲ ਤਾਲਮੇਲ ਨਹੀਂ ਬਿਠਾ ਪਾਉਂਦੇ। ਭਾਰਤੀ ਸੜਕਾਂ ਤੇ ਯੂ-ਟਰਨ ਅਤੇ ਅਚਾਨਕ ਮੋੜ ਆਮ ਹਨ, ਪਰ ਅਮਰੀਕਾ ਵਿੱਚ ਇਹ ਸਖਤ ਨਿਯਮਾਂ ਅਧੀਨ ਹਨ। ਹਰਜਿੰਦਰ ਵਰਗੇ ਡਰਾਈਵਰਾਂ ਲਈ ਵਿਸ਼ੇਸ਼ ਸਿਖਲਾਈ ਪ੍ਰੋਗਰਾਮ ਚਲਾਉਣੇ ਚਾਹੀਦੇ ਹਨ ਤਾਂ ਜੋ ਅਜਿਹੇ ਹਾਦਸੇ ਰੋਕੇ ਜਾ ਸਕਣ। ਨਾਲ ਹੀ, ਸਾਰੇ ਡਰਾਈਵਰਾਂ ਲਈ ਬ੍ਰੇਕਿੰਗ ਅਤੇ ਐਮਰਜੈਂਸੀ ਹੈਂਡਲਿੰਗ ਦੀ ਸਿਖਲਾਈ ਨੂੰ ਲਾਜ਼ਮੀ ਬਣਾਉਣਾ ਚਾਹੀਦਾ ਹੈ। ਜੇਕਰ ਮਿਨੀਵੈਨ ਡਰਾਈਵਰ ਨੇ ਸਮੇਂ ਸਿਰ ਪ੍ਰਤੀਕਿਰਿਆ ਕੀਤੀ ਹੁੰਦੀ ਤਾਂ ਤਿੰਨ ਜਾਨਾਂ ਬਚ ਸਕਦੀਆਂ ਸਨ। ਇਹ ਵੀ ਸੱਚ ਹੈ ਕਿ ਵੱਡੇ ਵਾਹਨਾਂ ਨੂੰ ਵੇਖ ਕੇ ਛੋਟੇ ਵਾਹਨਾਂ ਨੂੰ ਵਧੇਰੇ ਸਾਵਧਾਨ ਰਹਿਣਾ ਚਾਹੀਦਾ ਹੈ ਕਿਉਂਕਿ ਉਨ੍ਹਾਂ ਦੀ ਬ੍ਰੇਕਿੰਗ ਦੂਰੀ ਵੱਧ ਹੁੰਦੀ ਹੈ। ਇਸ ਘਟਨਾ ਨੇ ਸਿਆਸੀ ਵਿਵਾਦ ਵੀ ਪੈਦਾ ਕੀਤਾ ਹੈ। ਟਰੰਪ ਨੇ ਇਸ ਨੂੰ ਗੈਰਕਾਨੂੰਨੀ ਪ੍ਰਵਾਸ ਨਾਲ ਜੋੜ ਕੇ ਬਾਈਡਨ ਪ੍ਰਸ਼ਾਸਨ ਤੇ ਨਿਸ਼ਾਨਾ ਸਾਧਿਆ ਹੈ। ਹਰਜਿੰਦਰ ਨੂੰ ਬਾਈਡਨ ਵੱਲੋਂ ਵਰਕ ਪਰਮਿਟ ਮਿਲਣ ਨੂੰ ਵੀ ਆਲੋਚਨਾ ਮਿਲ ਰਹੀ ਹੈ। ਪਰ ਇਹ ਸਿਆਸੀ ਨੁਕਤੇ ਤੋਂ ਪਰ੍ਹੇ ਮਨੁੱਖੀ ਜਾਨਾਂ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ। ਮ੍ਰਿਤਕਾਂ ਦੇ ਪਰਿਵਾਰਾਂ ਨੂੰ ਇਨਸਾਫ਼ ਮਿਲਣਾ ਚਾਹੀਦਾ ਹੈ ਪਰ ਹਰਜਿੰਦਰ ਨੂੰ ਵੀ ਨਿਰਪੱਖ ਅਦਾਲਤੀ ਪ੍ਰਕਿਰਿਆ ਮਿਲਣੀ ਚਾਹੀਦੀ ਹੈ। ਉਸ ਨੂੰ ਬਾਂਡ ਤੇ ਰਿਹਾ ਨਾ ਕਰਨ ਦੇ ਫੈਸਲੇ ਨੇ ਉਸ ਦੇ ਪਰਿਵਾਰ ਨੂੰ ਚਿੰਤਾ ਵਿੱਚ ਪਾ ਦਿੱਤਾ ਹੈ। ਇਸ ਲਈ, ਜਾਂਚ ਅਧਿਕਾਰੀਆਂ ਨੂੰ ਸਾਰੇ ਵੀਡੀਓ, ਗਵਾਹਾਂ ਅਤੇ ਵਾਹਨਾਂ ਦੇ ਡਾਟਾ ਨੂੰ ਵੇਖ ਕੇ ਫੈਸਲਾ ਕਰਨਾ ਚਾਹੀਦਾ ਹੈ। ਕੀ ਮਿਨੀਵੈਨ ਦੀ ਗਤੀ ਨਿਯਮਾਂ ਅਨੁਸਾਰ ਸੀ? ਕੀ ਡਰਾਈਵਰ ਫ਼ੋਨ ਵਰਤ ਰਿਹਾ ਸੀ ਜਾਂ ਥੱਕਿਆ ਹੋਇਆ ਸੀ? ਇਹ ਸਵਾਲ ਵੀ ਜਾਂਚ ਵਿੱਚ ਸ਼ਾਮਲ ਹੋਣੇ ਚਾਹੀਦੇ ਹਨ। ਇਸ ਦੇ ਨਾਲ ਹੀ ਪੇਸ਼ੀ ਸਮੇਂ ਸਿੱਖ ਵਿਅਕਤੀ ਨੂੰ ਬਿਨ੍ਹਾਂ ਦਸਤਾਰ ਜਾਂ ਪਰਨੇ ਤੋਂ ਲਿਆਉਣਾ ਕਿਤੇ ਨਾ ਕਿਤੇ ਪ੍ਰਵਾਸੀ ਵਿਤਕਰੇ ਦੇ ਨਾਲ-ਨਾਲ ਧਾਰਮਿਕ ਭਾਵਨਾਵਾਂ ਨੂੰ ਵੀ ਠੇਸ ਪਹੁੰਚਾਉਣ ਵਾਲਾ ਸੀ।


ਅੰਤ ਵਿੱਚ, ਇਹ ਘਟਨਾ ਸਾਨੂੰ ਸਿਖਾਉਂਦੀ ਹੈ ਕਿ ਸੜਕਾਂ ਤੇ ਜੀਵਨ ਅਤੇ ਮੌਤ ਵਿਚਕਾਰ ਬਹੁਤ ਪਤਲੀ ਲਕੀਰ ਹੁੰਦੀ ਹੈ। ਇੱਕ ਛੋਟੀ ਗਲਤੀ ਵੱਡਾ ਨੁਕਸਾਨ ਕਰ ਸਕਦੀ ਹੈ। ਪਰ ਫੈਸਲੇ ਕਰਦੇ ਸਮੇਂ ਮਨੁੱਖੀਅਤ ਨੂੰ ਭੁੱਲ ਨਹੀਂ ਜਾਣਾ ਚਾਹੀਦਾ। ਹਰਜਿੰਦਰ ਨੂੰ ਗਲਤੀ ਦੀ ਸਜ਼ਾ ਮਿਲਣੀ ਚਾਹੀਦੀ ਹੈ ਪਰ ਇਹ ਵੀ ਵੇਖਣਾ ਚਾਹੀਦਾ ਹੈ ਕਿ ਕੀ ਉਹ ਇੱਕਲਾ ਕਸੂਰਵਾਰ ਹੈ। ਨਿਰਪੱਖ ਜਾਂਚ ਨਾਲ ਹੀ ਇਨਸਾਫ਼ ਹੋ ਸਕਦਾ ਹੈ ਅਤੇ ਅਜਿਹੇ ਹਾਦਸੇ ਰੋਕੇ ਜਾ ਸਕਦੇ ਹਨ। ਸਾਰੇ ਡਰਾਈਵਰਾਂ ਨੂੰ ਇਸ ਹਾਦਸੇ ਤੋਂ ਸਿੱਖਣਾ ਚਾਹੀਦਾ ਹੈ ਕਿ ਸੜਕ ਤੇ ਸਤਰਕਤਾ ਜੀਵਨ ਬਚਾ ਸਕਦੀ ਹੈ। ਇਸ ਘਟਨਾ ਨੂੰ ਇੱਕ ਸਬਕ ਵਜੋਂ ਲੈ ਕੇ ਅੱਗੇ ਵਧਣਾ ਚਾਹੀਦਾ ਹੈ ਤਾਂ ਜੋ ਭਵਿੱਖ ਵਿੱਚ ਅਜਿਹੇ ਦੁਖਦਾਈ ਹਾਦਸੇ ਨਾ ਵਾਪਰਨ।

**-ਸੰਦੀਪ ਕੁਮਾਰ, ਰੂਪਨਗਰ**


Singh Sahib Giani Malkit Singh Ji
Head Granthi Sri Akaal Takhat Sahib
Contact No -IND +91 98552 03174
America - +1(856)-473-8596
29 - 31 August
Nanak Naam Jahaaj Gurdwara
1080 Westside Ave , Jersey City , NJ 07306
5&7 Septmber
Mata GUJRI Sikh Society
11 Ellison Dr,cherry Hill,NJ08003
11 September
Guru Nanak Sikh Heritage
29 wyekoff Mills Rd,Monroe ,NJ09931
12-14 September
Philadelphia Sikh Society
6706 Garden CT Rd, Millbourne, PA19082
21 September
Garden state Sikh Association
977 Washington Vally Rd ,Basking Ridge,NJ07920
26-28 September
Guru Nanak Mission Gurdwara
138 Bauer Dr, Oakland,NJ08436
For More Information
Contact-Bhai Karamjit Singh Ji Shant
(201)694-1007
ਆਵਾਜ਼ਿ ਕੌਮ
AWAZE QAUM
International Newspaper & WEB TV

### ਜਥੇਦਾਰ ਅਕਾਲ ਤਖਤ ਸਾਹਿਬ ਗੁਰੂਘਰਾਂ ਅੰਦਰ ਖਰਚੀਲੇ ਲੰਗਰ ਬੰਦ ਕਰਵਾ ਕੇ

# ਸਾਦਾ ਲੰਗਰ ਵਰਤਾਓਣ ਲਈ ਆਦੇਸ਼ ਜਾਰੀ ਕਰਨ: ਅਰਵਿੰਦਰ ਸਿੰਘ ਰਾਜਾ



**ਨਵੀਂ ਦਿੱਲੀ 8 ਸੰਤਬਰ (ਮਨਪ੍ਰੀਤ ਸਿੰਘ ਖਾਲਸਾ)**:- ਸਿੱਖ ਧਰਮ ਦਾ ਵਡੱਪਣ ਹੈ ਕਿ ਇਸ ਦੇ ਸਾਰੇ ਗੁਰ ਅਸਥਾਨਾਂ ਵਿੱਚ ਲੋੜਵੰਦਾ ਅਤੇ ਸ਼ਰਧਾਲੂਆਂ ਲਈ ਲੰਗਰ ਚਲਦੇ ਰਹਿੰਦੇ ਹਨ। ਇੰਨ੍ਹਾ ਵਿਚ ਇਕ ਅਧਿਆਤਮਕ ਰਸਗੱਤਾ ਭਰਪੂਰ ਜੀਵਨ ਜਾਚ ਲਈ ਗੁਰਸ਼ਬਦ ਦਾ ਲੰਗਰ ਅਤੇ ਦੂਸਰਾ ਪਦਾਰਥ ਲੰਗਰ ਵਰਤਾਇਆ ਜਾਂਦਾ ਹੈ । ਭਾਈ ਅਰਵਿੰਦਰ ਸਿੰਘ ਰਾਜਾ ਮੁੱਖ ਸੇਵਾਦਾਰ ਅਖੰਡ ਕੀਰਤਨੀ ਜੱਥਾ (ਦਿੱਲੀ) ਨੇ ਕਿਹਾ ਕਿ ਗੁਰ-ਇਤਿਹਾਸ ਵਿੱਚ ਸਾਖੀ ਮਿਲਦੀ ਹੈ, ਕਿ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਚੂਹੜਕਾਣੇ ਵਿੱਚ ਅਬਦਾਲ ਦੇ ਨੰਗੇ, ਭੁੱਖੇ ਸਾਧੂਆਂ ਦੀ ਟੋਲੀ ਨੂੰ ਵੇਖ ਕੇ, ਉਨ੍ਹਾਂ ਨੇ ਪਿਤਾ ਜੀ ਵੱਲੋਂ ਵਪਾਰ ਲਈ ਦਿੱਤੇ ਵੀਹ ਰੁਪਿਆਂ ਨਾਲ 'ਸੱਚਾ ਸੌਦਾ' ਕੀਤਾ ਭਾਵ ਕਿ ਸਾਧੂਆਂ ਨੂੰ ਭੋਜਨ ਛਕਾਇਆ ਸੀ, ਇਸ ਬਦੌਲਤ ਗੁਰਦੁਆਰਿਆਂ ਵਿੱਚ ਲੋੜਵੰਦਾਂ ਲਈ ਭੋਜਨ ਦੀ ਪ੍ਰਥਾ ਬੱਝ ਗਈ। ਦੂਸਰੇ ਪਾਤਸਾਹ ਸ੍ਰੀ ਗੁਰ ਅੰਗਦ ਸਾਹਿਬ ਜੀ ਦੇ ਦਰਬਾਰ ਵਿੱਚ ਵੀ ਲੰਗਰ ਚਲਦੇ ਸਨ, ਇਕ ਗੁਰੂ ਸ਼ਬਦ ਦਾ ਅਤੇ ਦੂਸਰਾ ਸਾਦਾ ਖਾਣ-ਪਾਣ ਦਾ। ਭਾਈ ਪੈਧਾ ਵਾਲੀ ਬੀੜ (ਰਾਵਲਪਿੰਡੀ) ਵਿੱਚ ਗੁਰੂ ਅਮਰਦਾਸ ਜੀ ਦੇ ਸਿਖਿਆ ਦੇ ਇਕ ਬਚਨ ਅੰਕਿਤ ਹਨ, ਕਿ 'ਗੁਰੂ ਜੀ ਦਾ ਆਖਣਾ ਹੈ, ਅੰਨ ਬਹੁਤ ਭੁਖੈ ਲਗੀ ਖਾਵਣਾ, ਭਰੇ ਉੱਤੇ ਨਹੀਂ ਭਰਨਾ'। ਉਸ ਸਮੇਂ ਲੰਗਰ ਵਿੱਚ ਸੁਆਦਲੇ, ਖੱਟੇ-ਮਿੱਠੇ ਰਸਾਂ-ਕਸਾਂ ਤੋਂ ਨਿਰਲੇਪ ਗੁਰਬਾਣੀ ਆਰਾਧਦਿਆਂ ਹੋਇਆਂ ਬੜਾ ਸਾਦਾ ਭੋਜਨ ਤਿਆਰ ਕੀਤਾ ਜਾਂਦਾ ਸੀ। ਗੁਰੂ ਜੀ ਦਾ ਉਪਦੇਸ਼ ਸੀ ਕਿ ਉੱਚੀ ਬਨਸਪਤਿ ਨਾਲ ਤਿਆਰ ਪਵਿੱਤਰ ਆਹਾਰ ਦੀ ਸਾਦਗੀ, ਮਨੁੱਖੀ ਆਚਰਨ ਨੂੰ ਡੂੰਘਾ ਪ੍ਰਭਾਵਤ ਹੀ ਨਹੀਂ ਕਰਦੀ, ਸਗੋਂ ਸਿੱਖ ਦੀ ਚੇਤਨ ਸ਼ਕਤੀ, ਭਾਵਨਾਵਾਂ ਤੇ ਦਰਵੇਸ਼ ਸੋਚ ਨੂੰ ਬੇਹੱਦ ਨਿਖਾਰਦੀ ਵੀ ਹੈ, ਕਿਉਂਕਿ "ਸਿੱਖ ਨੇ ਭੋਜਨ ਸਿਰਫ ਸਰੀਰ ਦੀ ਉਪਜੀਵਕਾ ਹਿਤ" ਕਰਨਾ ਹੈ। ਸਮੇਂ ਦੀ ਚਾਲ ਨੇ ਗੁਰੂਆਂ ਵੇਲੇ ਬੱਧੀ ਹੋਈ ਲੰਗਰ ਦੀ ਮਰਯਾਦਾ ਬਦਲ ਦਿੱਤੀ ਹੈ ਤੇ ਗੁਰੂ ਕਾ ਲੰਗਰ ਇੱਕ ਫ਼ੈਸ਼ਨ ਬਣ ਗਿਆ ਹੈ ਭਾਵੇਂ ਘਰ ਹੋਵੇ ਜਾਂ ਗੁਰਦੁਆਰਾ। ਗੁਰਦੁਆਰਿਆਂ ਵਿੱਚ ਲੰਗਰ ਦੀ ਰੀਤ ਤਾਂ ਸਿਰਫ ਲੋੜਵੰਦਾਂ, ਰਾਹੀਆਂ, ਮੁਸਾਫਰਾਂ ਜਾਂ ਦੂਰ-ਦੁਰਾਡੇ ਤੋਂ ਗੁਰ ਦਰਸ਼ਨਾਂ ਲਈ ਆਏ ਸ਼ਰਧਾਲੂਆਂ ਵਾਸਤੇ ਬੰਨ੍ਹੀ ਗਈ ਸੀ, ਪਰ ਹੁਣ ਇਹ ਇੱਕ ਵੱਖਰਾ ਹੀ ਰੁਖ ਅਖਤਿਆਰ ਕਰ ਗਈ ਹੈ। ਗੁਰੂ ਘਰਾਂ ਵਿੱਚ ਭਾਂਤ ਭਾਂਤ ਦੇ ਬਹੁਤ ਖਰਚੀਲੇ ਭੋਜਨ ਤਿਆਰ ਕੀਤੇ ਜਾਂਦੇ ਹਨ। ਕਿਧਰੇ ਹਲਵਾਈ ਅਤੇ ਕਿਧਰੇ ਸਿੱਖ, ਲੰਗਰ ਨੂੰ ਆਪੇ ਬਣਾਉਂਦੇ ਅਤੇ ਸੰਜਮ ਤੇ ਸੰਤੋਖ ਦੇ ਸਦਗੁਣ ਤਿਆਗ ਕੇ ਸੁਆਦ ਦੇ ਗੁਲਾਮ ਲੋੜੋਂ ਕਿਤੇ ਵੱਧ ਆਪੇ ਛਕ ਜਾਂਦੇ ਹਨ। ਮਨ ਵਿੱਚ ਵੀਚਾਰ ਤਰੰਗ ਉੱਠੀ ਹੈ, ਕਿ ਜਿਤਨੇ ਉੱਦਮ ਤੇ ਚਾਅ ਨਾਲ ਖਾਣ-ਪੀਣ ਦੀਆਂ ਵਸਤੂਆਂ ਦੀ ਤਿਆਰੀ, ਸਾਂਭ-ਸੰਭਾਲ ਅਤੇ ਵਰਤ-ਵਰਤਾਓ ਉੱਤੇ ਮਾਇਆ, ਸਮਾਂ ਤੇ ਤਾਕਤ ਲਾਉਂਦੇ ਹਾਂ ਓਹ ਬਚਾ ਕੇ ਜਰੂਰਤਮੰਦਾ ਦੀ ਸੇਵਾ ਵਿਚ ਖਰਚ ਕਰੀਏ ਤਾਂ "ਲੋਕ ਸੁਖੀਏ ਪਰਲੋਕ ਸੁਹੇਲੇ" ਵਾਲੇ ਕਾਰਜ ਨੇਪਰੇ ਚੜ੍ਹਦੇ ਹਨ । ਨਿਰਾ ਖਾਣ-ਪਾਣ ਨੂੰ ਲੰਗਰ ਮੰਨ ਲੈਣਾ ਵੀਂ ਇਕ ਪਵਿੱਤਰ 'ਝੂਠ' ਹੈ, 'ਗੁਰਬਾਣੀ ਦੀ ਵੀਚਾਰ, ਸਿੱਖ ਸਿਧਾਂਤ, ਸਿੱਖ ਪ੍ਰੰਪਰਾਵਾਂ, ਮਰਯਾਦਾ, ਗੁਰੂ ਜੀਵਨੀਆਂ, ਗੁਰ ਇਤਿਹਾਸ ਅਤੇ ਸਿੱਖ ਸਹਿਤ ਦਾ ਪ੍ਰਚਾਰ ਹੀ ਪਵਿੱਤਰ 'ਸੱਚ' ਹੈ ਤੇ ਇਹ ਇਕ ਵੱਡਾ ਰੂਹਾਨੀਅਤ ਦਾ ਲੰਗਰ ਹੈ। ਜਦੋਂ ਮਨੁੱਖ ਉਤਸ਼ਾਹਤ ਹੋ ਕੇ ਪ੍ਰਭੂ ਭਗਤੀ ਦੇ ਮਾਰਗ ਉੱਤੇ ਚਲਦਾ ਹੈ ਤਾਂ ਉਸ ਨੂੰ ਕੁਦਰਤੀ ਤੌਰ ਤੇ ਰਸਾਂ-ਕਸਾਂ ਤੋਂ ਹਟ ਕੇ ਖਾਣ-ਪੀਣ ਤੇ ਗੁਰਸਿੱਖੀ ਨਿਭਾਵਣ ਦੀ ਜਾਚ ਆ ਜਾਂਦੀ ਹੈ। ਉਸ ਤੇ 'ਮਿੱਠੀ ਅਤੇ ਮਧੁਰ ਬਾਣੀ'ਦਾ ਅਸਰ ਪ੍ਰਤੱਖ ਦਿਸ ਪੈਂਦਾ ਹੈ। ਇਸ ਲਈ ਅਸੀਂ ਜੱਥੇਦਾਰ ਅਕਾਲ ਤਖਤ ਸਾਹਿਬ ਨੂੰ ਅਪੀਲ ਕਰਦੇ ਹਾਂ ਕਿ ਦੇਸ਼ ਵਿਦੇਸ਼ ਦੀ ਸਮੂਹ ਪੰਥਕ ਇਕਾਈਆਂ, ਗੁਰਦੁਆਰਾ ਸਾਹਿਬਾਨ ਨੂੰ ਆਦੇਸ਼ ਜਾਰੀ ਕੀਤੇ ਜਾਣ ਕਿ ਗੁਰੂਘਰ ਵਿਚ ਹੁੰਦੇ ਹਰ ਸਮਾਗਮ ਵਿਚ ਖਰਚੀਲੇ ਲੰਗਰਾਂ ਦਾ ਤਿਆਗ ਕਰਕੇ ਸਾਦਾ ਭੋਜਨ ਤਿਆਰ ਕੀਤਾ ਜਾਣਾ ਚਾਹੀਦਾ ਹੈ ਤੇ ਇਸ ਨੂੰ ਤੁਰੰਤ ਪ੍ਰਭਾਵ ਤੋਂ ਦੇਸ਼ ਵਿਦੇਸ਼ ਅੰਦਰ ਸਮੂਹ ਗੁਰਦੁਆਰਾ ਸਾਹਿਬਾਨਾਂ ਨੂੰ ਲਾਗੂ ਕਰਣਾ ਚਾਹੀਦਾ ਹੈ । ਇਸ ਦੇ ਨਾਲ ਹੀ ਸਮੂਹ ਸਾਧ ਸੰਗਤ ਨੂੰ ਇਕ ਬੇਨਤੀ ਹੋਰ ਕੀਤੀ ਜਾਂਦੀ ਹੈ ਕਿ ਪੰਜਾਬ ਅੰਦਰ ਕੇਂਦਰ ਅਤੇ ਰਾਜ ਸਰਕਾਰ ਵਲੋਂ "ਪਾਣੀ ਨੂੰ ਹਥਿਆਰ" ਬਣਾ ਕੇ ਕੀਤੀ ਗਈ ਤਬਾਹੀ ਵਿਚ ਵੱਡੇ ਪੱਧਰ ਤੇ ਜਾਨੀ ਅਤੇ ਮਾਲੀ ਨੁਕਸਾਨ ਹੋਇਆ ਹੈ ਤੇ ਪਿੰਡਾਂ ਦੇ ਪਿੰਡ ਪਾਣੀ ਵਿਚ ਡੁੱਬੇ ਪਏ ਹਨ । ਆਪ ਸਭ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਆਪਣਾ ਫਰਜ਼ ਸਮਝਦਿਆਂ ਪਾਣੀ ਉਤਰਨ ਤੇ ਵੱਡੇ ਪੱਧਰ ਤੇ ਇਕ ਦੂਜੇ ਦੇ ਸਹਿਯੋਗ ਨਾਲ ਪੰਜਾਬ ਦੇ ਜ਼ਰੂਰਤਮੰਦ ਹੜ ਪੀੜੀਤਾਂ ਦੀ ਮਦਦ ਕੀਤੀ ਜਾਏ । ਇਥੇ ਦਸਣਯੋਗ ਹੈ ਕਿ ਅਖੰਡ ਕੀਰਤਨੀ ਜੱਥੇ ਦਾ ਇਤਿਹਾਸ ਜਿੱਥੇ ਲਹੂ ਭਿੱਜਿਆਂ ਹੋਇਆ ਹੈ ਓਥੇ ਓਹ ਮਨੁੱਖਤਾ ਦੀ ਸੇਵਾਵਾਂ ਵਿਚ ਵੀਂ ਵੱਡੇ ਪੱਧਰ ਤੇ ਸ਼ਮੂਲੀਅਤ ਕਰਦਾ ਹੈ ਤੇ ਉਨ੍ਹਾਂ ਵਲੋਂ ਕਿਸਾਨੀ ਮੋਰਚੇ ਅਤੇ ਕਰੋਨਾ ਕਾਲ ਵਿਚ ਵੱਧ ਚੜ੍ਹ ਕੇ ਹਿੱਸਾ ਲੈਂਦਿਆਂ ਬੇਮਿਸਾਲ ਸੇਵਾ ਕੀਤੀ ਸੀ ਜਿਸ ਨੂੰ ਸੰਸਾਰ ਭਰ ਵਿਚ ਸਲਾਹਿਆ ਗਿਆ ਸੀ ।

ਆਵਾਜ਼ਿ ਕੌਮ AWAZE QAUM International Newspaper & WEB TV

### ਦਿੱਲੀ ਗੁਰਦੁਆਰਾ ਕਮੇਟੀ ਨੇ ਘੋਨੇਵਾਲ 'ਚ

# ਧੁੱਸੀ ਬੰਨ ਨੂੰ ਪੂਰਨ ਲਈ ਲੱਗੀ ਸੰਗਤ ਵਾਸਤੇ ਲਗਾਇਆ ਗੁਰੂ ਕਾ ਲੰਗਰ



**ਨਵੀਂ ਦਿੱਲੀ, 8 ਸਤੰਬਰ (ਮਨਪ੍ਰੀਤ ਸਿੰਘ ਖਾਲਸਾ)**-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਥੇ ਘੋਨੇਵਾਲ 'ਚ ਰਾਵੀ ਦਰਿਆ ਦੇ ਧੁੱਸੀ ਬੰਨ 'ਚ ਪਏ ਪਾੜ ਨੂੰ ਪੂਰਨ ਵਿਚ ਲੱਗੀ ਸੰਗਤ ਵਾਸਤੇ ਗੁਰੂ ਕਾ ਲੰਗਰ ਲਗਾਇਆ ਹੈ ਤੇ ਜਦੋਂ ਤੱਕ ਇਹ ਪਾੜ ਨਹੀਂ ਪੂਰਿਆ ਜਾਂਦਾ ਅਤੇ ਇਲਾਕੇ ਵਿਚ ਕਾਰ ਸੇਵਾ ਗੁਰੂ ਕਾ ਬਾਗ ਦੇ ਬਾਬਾ ਸਤਨਾਮ ਸਿੰਘ ਤੇ ਸਾਥੀਆਂ ਵੱਲੋਂ ਇਹ ਸੇਵਾ ਜਾਰੀ ਰਹੇਗੀ, ਉਨਾ ਚਿਰ ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਗੁਰੂ ਕੇ ਲੰਗਰ ਤੇ ਹੋਰ ਸੇਵਾਵਾਂ ਨਿਰੰਤਰ ਚਲਦੀਆਂ ਰਹਿਣਗੀਆਂ। ਇਸ ਬਾਰੇ ਜਾਣਕਾਰੀ ਦਿੰਦਿਆਂ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਘੋਨੇਵਾਲ ਵਿਚ ਤਕਰੀਬਨ 500 ਮੀਟਰ ਲੰਬਾ ਤੇ 40 ਫੁੱਟ ਡੂੰਘਾ ਪਾੜ ਰਾਵੀ ਦਰਿਆ ਦੇ ਧੁੱਸੀ ਬੰਨ ਵਿਚ ਪੈ ਗਿਆ ਸੀ ਜਿਸ ਨਾਲ ਅਜਨਾਲਾ ਅਤੇ ਇਸਦੇ ਆਲੇ ਦੁਆਲੇ ਦੇ ਇਲਾਕੇ ਵਿਚ 10 ਕਿਲੋਮੀਟਰ ਤੱਕ ਹੜ੍ਹਾਂ ਦੀ ਮਾਰ ਪਈ ਹੈ। ਉਹਨਾਂ ਦੱਸਿਆ ਕਿ ਇਸ ਪਾੜ ਕਾਰਨ ਹੀ ਇਹ ਸਾਰਾ ਇਲਾਕਾ ਪਾਣੀ ਦੀ ਮਾਰ ਹੇਠ ਆਇਆ ਜਿਸ ਨਾਲ ਨਾ ਸਿਰਫ ਫਸਲਾਂ ਡੁੱਬੀਆਂ ਬਲਕਿ ਘਰਾਂ ਦੇ ਘਰ ਤਬਾਹ ਹੋ ਗਏ ਹਨ। ਉਹਨਾਂ ਦੱਸਿਆ ਕਿ ਹੁਣ ਬਾਬਾ ਸਤਨਾਮ ਸਿੰਘ ਜੀ ਦੇ ਮਾਰਗ ਦਰਸ਼ਨ ਹੇਠ ਸਿਰਫ ਪੰਜਾਬ ਹੀ ਨਹੀਂ ਬਲਕਿ ਹਰਿਆਣਾ, ਰਾਜਸਥਾਨ, ਉੱਤਰ ਪ੍ਰਦੇਸ਼ ਤੇ ਦਿੱਲੀ ਤੱਕ ਦੀ ਸੰਗਤ ਅਤੇ ਸਥਾਨਕ ਪ੍ਰਸ਼ਾਸਨ ਰਲ ਕੇ ਇਸ ਪਾੜ ਨੂੰ ਪੂਰਨ ਦੀ ਸੇਵਾ ਵਿਚ ਲੱਗੀ ਹੋਈ ਹੈ ਤੇ ਆਸ ਹੈ ਕਿ ਅਗਲੇ ਕੁਝ ਦਿਨਾਂ ਵਿਚ ਇਹ ਪਾੜ ਸਫਲਤਾ ਨਾਲ ਪੂਰ ਲਿਆ ਜਾਵੇਗਾ। ਉਹਨਾਂ ਕਿਹਾ ਕਿ ਜਿੰਨਾ ਚਿਰ ਇਹ ਕਾਰ ਸੇਵਾ ਚਲਦੀ ਰਹੇਗੀ, ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਇਸ ਕਾਰਜ ਵਿਚ ਲੱਗੇ ਵਾਲੰਟੀਅਰਜ਼ ਵਾਸਤੇ ਗੁਰੂ ਕੇ ਲੰਗਰ ਤੇ ਹੋਰ ਲੋੜੀਂਦੀਆਂ ਵਸਤਾਂ ਦੇ ਲੰਗਰ ਦੀ ਸੇਵਾ ਜਾਰੀ ਰੱਖੇਗੀ। ਉਹਨਾਂ ਆਸ ਪ੍ਰਗਟ ਕੀਤੀ ਕਿ ਸੰਗਤਾਂ ਰਲ ਮਿਲ ਕੇ ਇਹ ਕਾਰਜ ਛੇਤੀ ਤੋਂ ਛੇਤੀ ਸੰਪੂਰਨ ਕਰ ਲੈਣਗੀਆਂ ਤੇ ਇਸ ਨਾਲ ਇਲਾਕੇ ਵਿਚ ਪਈ ਮਾਰ ਨੂੰ ਠੱਲ੍ਹ ਪਵੇਗੀ ਅਤੇ ਪਟੜੀ ਤੋਂ ਉੱਤਰੀ ਜ਼ਿੰਦਗੀ ਮੁੜ ਲੀਹ 'ਤੇ ਪਾਉਣ ਦਾ ਰਾਹ ਬਣੇਗਾ। ਉਹਨਾਂ ਮੁੜ ਦੁਹਰਾਇਆ ਕਿ ਜਦੋਂ ਤੱਕ ਪੰਜਾਬ ਵਿਚ ਹਾਲਾਤ ਆਮ ਵਰਗੇ ਨਹੀਂ ਹੋ ਜਾਂਦੇ, ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਥੇ ਸੰਗਤਾਂ ਵਾਸਤੇ ਸੇਵਾ ਜਾਰੀ ਰਹੇਗੀ ਜਿਸ ਵਿਚ ਲੰਗਰਾਂ ਤੋਂ ਇਲਾਵਾ ਵੱਖ-ਵੱਖ ਸਮਾਨ ਅਤੇ ਮੈਡੀਕਲ ਸੇਵਾਵਾਂ ਵੀ ਸ਼ਾਮਲ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰੂ ਕਾਸ਼ੀ ਯੂਨੀਵਰਸਿਟੀ ਦੀ "ਆਰਟੀਫ਼ੀਸ਼ੀਅਲ ਇੰਟੈਲੀਜੈਂਸ" 'ਤੇ ਦੋ ਰੋਜ਼ਾ ਅੰਤਰਰਾਸ਼ਟਰੀ ਕਾਨਫਰੰਸ ਆਈ.ਏ.ਸੀ.ਈ. -2025, 11 ਸਤੰਬਰ ਤੋਂ



**ਤਲਵੰਡੀ ਸਾਬੋ, 08 ਸਤੰਬਰ (ਗੁਰਜੰਟ ਸਿੰਘ ਨਥੇਹਾ)**- ਗੁਰੂ ਕਾਸ਼ੀ ਯੂਨੀਵਰਸਿਟੀ ਦੇ ਫੈਕਲਟੀ ਆਫ ਇੰਜੀਨੀਅਰਿੰਗ ਐਂਡ ਟੈਕਨਾਲੋਜੀ ਵੱਲੋਂ ਇੰਡੀਅਨ ਸੋਸਾਇਟੀ ਫਾਰ ਟੈਕਨੀਕਲ ਐਜੂਕੇਸ਼ਨ, ਨਵੀਂ ਦਿੱਲੀ ਦੇ ਸਹਿਯੋਗ ਨਾਲ, ਚਾਂਸਲਰ ਸ. ਗੁਰਲਾਭ ਸਿੰਘ ਸਿੱਧੂ ਦੀ ਸਰਪ੍ਰਸਤੀ ਹੇਠ ਆਰਟੀਫ਼ੀਸ਼ੀਅਲ ਇੰਟੈਲੀਜੈਂਸ, ਕੰਪਿਊਟਰ ਅਤੇ ਇਲੈਕਟ੍ਰਿਕਲ ਇੰਜੀਨੀਅਰਿੰਗ 'ਤੇ ਦੋ ਰੋਜ਼ਾ ਅੰਤਰਰਾਸ਼ਟਰੀ ਕਾਨਫਰੰਸ ਆਈ.ਏ.ਸੀ.ਈ.-2025 ਮਿਤੀ 11 ਸਤੰਬਰ ਤੋਂ ਸ਼ੁਰੂ ਹੋਵੇਗੀ। ਇਸ ਬਾਰੇ ਜਾਣਕਾਰੀ ਦਿੰਦਿਆਂ ਪ੍ਰੋ. (ਡਾ.) ਰਾਮੇਸ਼ਵਰ ਸਿੰਘ, ਵਾਈਸ-ਚਾਂਸਲਰ ਨੇ ਦੱਸਿਆ ਕਿ ਡਾ. ਸੁਤੰਤਰ ਸਿੰਘ ਖੁਰਮੀ, ਡੀਨ ਦੀ ਰਹਿਨੁਮਾਈ ਹੇਠ ਇਸ ਕਾਨਫਰੰਸ ਵਿੱਚ ਪ੍ਰੋ. (ਡਾ.) ਮਹਾਂਦੇਵ ਬੀ. ਚੇਟੀ, ਵਾਈਸ-ਚਾਂਸਲਰ ਸੰਸਕ੍ਰਿਤੀ ਯੂਨੀਵਰਸਿਟੀ ਮਥੁਰਾ, ਮੁੱਖ ਮਹਿਮਾਨ, ਪ੍ਰੋ. (ਡਾ.) ਵਰਿੰਦਰ ਰਿਹਾਨੀ, ਸ਼ੂਲਨੀ ਯੂਨੀਵਰਸਿਟੀ ਸੋਲਨ ਅਤੇ ਇੰਜੀਨੀਅਰ ਅਜੈ ਕਰਾਹਾ, ਚੀਫ਼ ਜਨਰਲ ਮੈਨੇਜਰ ਬੀ.ਐਸ.ਐਨ.ਐਲ. ਪੰਜਾਬ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕਰਨਗੇ। ਕਾਨਫਰੰਸ ਦੇ ਚੇਅਰਪਰਸਨ ਡਾ. ਖੁਰਮੀ ਅਨੁਸਾਰ ਕਾਨਫਰੰਸ ਲਈ ਭਾਰਤ ਅਤੇ ਵਿਦੇਸ਼ਾਂ ਦੇ 20 ਤੋਂ ਵੱਧ ਮਾਹਿਰਾਂ ਦੇ ਪੈਨਲ ਬਣਾਏ ਗਏ ਹਨ, ਜਿਨ੍ਹਾਂ ਦੀ ਦੇਖਰੇਖ ਹੇਠ 150 ਤੋਂ ਵੱਧ ਖੋਜ ਪੱਤਰ ਪੜ੍ਹੇ ਜਾਣਗੇ। ਇਸ ਤੋਂ ਇਲਾਵਾ ਪੋਸਟਰ ਮੇਕਿੰਗ, ਪ੍ਰਦਰਸ਼ਨੀ ਅਤੇ ਵੱਖ-ਵੱਖ ਰਾਜਾਂ ਦੇ ਵਿਦਿਆਰਥੀਆਂ ਵੱਲੋਂ ਪੇਸ਼ ਕੀਤਾ ਜਾਣ ਵਾਲਾ ਸੱਭਿਆਚਾਰਕ ਪ੍ਰੋਗਰਾਮ ਦਰਸ਼ਕਾਂ ਦੀ ਖਿੱਚ ਦਾ ਕੇਂਦਰ ਰਹੇਗਾ। ਕਾਨਫਰੰਸ ਦੇ ਦੋਵੇਂ ਦਿਨ ਵੱਖ-ਵੱਖ ਸੈਸ਼ਨਾਂ ਵਿੱਚ ਪ੍ਰੋ. (ਡਾ.) ਆਰ.ਸੀ. ਬਾਂਸਲ, ਯੂਨੀਵਰਸਿਟੀ ਆਫ ਸ਼ਾਰਜਾਹ, ਡਾ. ਜਸਕਰਨ ਸਿੰਘ ਧੀਮਾਨ, ਮੈਕਗਿੱਲ ਯੂਨੀਵਰਸਿਟੀ ਕੈਨੇਡਾ, ਡਾ. ਆਕਾਂਸ਼ਾ, ਆਈ.ਆਈ.ਟੀ. ਮੁੰਬਈ, ਡਾ. ਵਿਨੀਤਾ, ਆਈ.ਆਈ.ਟੀ. ਮੁੰਬਈ, ਡਾ. ਜਸਪ੍ਰੀਤ ਸਿੰਘ, ਸੰਤ ਲੌਂਗੋਵਾਲ ਇੰਸਟੀਚਿਊਟ ਆਫ ਇੰਜੀਨੀਅਰਿੰਗ ਐਂਡ ਟੈਕਨਾਲੋਜੀ ਲੌਂਗੋਵਾਲ, ਡਾ. ਸਰਵਨ ਸਿੰਘ, ਐਨ.ਆਈ.ਈ.ਐਲ.ਆਈ.ਟੀ. ਯੂਨੀਵਰਸਿਟੀ ਰੂਪਨਗਰ, ਡਾ. ਲਾਭ ਸਿੰਘ, ਡਾ. ਕਰੁਨੇਸ਼ ਅਰੌੜਾ ਸੀਨੀਅਰ ਡਾਇਰੈਕਟਰ ਸੀ.ਡੈੱਕ, ਨਵੀਂ ਦਿੱਲੀ, ਡਾ. ਵਿਕਰਮ ਸਿੰਘ, ਚੌਧਰੀ ਦੇਵੀਲਾਲ ਯੂਨੀਵਰਸਿਟੀ ਸਿਰਸਾ ਅਤੇ ਡਾ. ਅਸ਼ਵਨੀ ਚੌਧਰੀ, ਕੁਰੁਕਸ਼ੇਤ੍ਰਾ ਯੂਨੀਵਰਸਿਟੀ ਕੁਰੁਕਸ਼ੇਤ੍ਰਾ ਕੁੰਜੀਵਤ ਵਕਤਾ ਵਜੋਂ ਆਪਣੇ ਵਿਚਾਰ ਸਾਂਝੇ ਕਰਨਗੇ। ਉਨ੍ਹਾਂ ਵਿਦਿਆਰਥੀਆਂ ਅਤੇ ਖੋਜਾਰਥੀਆਂ ਨੂੰ ਇਸ ਕਾਨਫਰੰਸ ਵਿੱਚ ਆਫਲਾਈਨ ਅਤੇ ਆਨਲਾਈਨ ਜੁੜਨ ਦੀ ਅਪੀਲ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

# ਹੜ ਪੀੜਤ ਇਲਾਕਿਆਂ ਦੇ ਨਾਲ ਮਾਨ ਸਰਕਾਰ ਚਟਾਨ ਵਾਂਗ ਖੜੀ ਰਹੇਗੀ:ਚੇਅਰਮੈਨ ਘੁੱਲੀ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਵਿੱਚ ਆਏ ਹੜ੍ਹਾਂ ਕਾਰਨ ਬਹੁਤ ਸਾਰੇ ਜਿਲ੍ਹਿਆਂ ਦਾ ਜਨਜੀਵਨ ਪ੍ਰਭਾਵਿਤ ਹੋਇਆ ਹੈ, ਮੁੱਖ ਮੰਤਰੀ ਪੰਜਾਬ ਸ੍ਰ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਤਹਿਤ ਹੜ੍ਹ ਪ੍ਰਭਾਵਿਤ ਇਲਾਕੇ ਦੇ ਲੋਕਾਂ ਦੇ ਮੁੜ ਵਸੇਬੇ ਤੱਕ ਪੰਜਾਬ ਸਰਕਾਰ ਪੂਰਨ ਸਾਥ ਦੇਵੇਗੀ ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਮੁੱਖ ਮੰਤਰੀ ਕੈਂਪਸ ਦੇ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਨੇ ਕੀਤਾ ਉਨ੍ਹਾਂ ਲੋਕਾਂ ਨੂੰ ਵਿਸ਼ਵਾਸ ਦਿਵਾਇਆ ਕਿ ਪੰਜਾਬ ਸਰਕਾਰ ਉਨ੍ਹਾਂ ਦੀ ਹਰ ਸਹੂਲਤ ਦਾ ਖਿਆਲ ਰੱਖ ਰਹੀ ਹੈ, ਜਿਸ ਤਰ੍ਹਾਂ ਪਹਿਲਾਂ ਉਨ੍ਹਾਂ ਨੂੰ ਹਰ ਤਰ੍ਹਾਂ ਦੀ ਰਾਹਤ ਸਮੱਗਰੀ ਭੇਜੀ ਜਾ ਰਹੀ ਹੈ, ਉਸੇ ਤਰ੍ਹਾਂ ਹੀ ਉਨ੍ਹਾਂ ਦੇ ਮੁੜ ਵਸੇਬੇ ਤੱਕ ਸਰਕਾਰ ਅਤੇ ਪ੍ਰਸ਼ਾਸਨ ਉਨ੍ਹਾਂ ਦੇ ਨਾਲ ਖੜ੍ਹਾ ਰਹੇਗਾ। ਉਨਾਂ ਕਿਹਾ ਕਿ ਹੜ੍ਹ ਵਰਗੀਆਂ ਕੁਦਰਤੀ ਆਫ਼ਤਾਂ ਵਿੱਚ ਲੋਕਾਂ ਨੂੰ ਤੁਰੰਤ ਮਦਦ ਦੀ ਲੋੜ ਹੁੰਦੀ ਹੈ। ਪੰਜਾਬ ਸਰਕਾਰ ਨੇ ਹਮੇਸ਼ਾ ਆਪਣੇ ਵਾਅਦਿਆਂ ਅਨੁਸਾਰ ਜਨਤਾ ਦੀ ਸੇਵਾ ਕੀਤੀ ਹੈ ਅਤੇ ਅੱਜ ਵੀ ਅਸੀਂ ਪੀੜਤ ਪਰਿਵਾਰਾਂ ਨਾਲ ਹੀ ਖੜ੍ਹੇ ਹਾਂ। ਪੰਜਾਬ ਵਿੱਚ ਭਗਵੰਤ ਸਿੰਘ ਮਾਨ ਦੀ ਸਰਕਾਰ ਵੱਲੋਂ ਵੀ ਹੜ੍ਹ ਰਾਹਤ ਲਈ ਵਿਸ਼ੇਸ਼ ਪੈਕੇਜ ਐਲਾਨ ਗਏ ਹਨ। ਇਸ ਮੌਕੇ ਆਪ ਆਗੂ ਪਰਮਜੀਤ ਸਿੰਘ ਕਾਂਝਲਾ, ਆਪ ਆਗੂ ਰਣਜੋਧ ਸਿੰਘ ਕਾਂਝਲਾ, ਅਜੀਤਪਾਲ ਸਿੰਘ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ ਸਰਕਾਰ ਵਲੋਂ ਲਗਾਤਾਰ ਰਾਹਤ ਕਾਰਜਾਂ ਦੀ ਕੀਤੀ ਜਾ ਰਹੀ ਹੈ ਸਮੀਖਿਆ - ਹਰਜਿੰਦਰ ਸਿੰਘ ਰੰਧਾਵਾ ਕਿਹਾ, ਹਰ ਲੋੜਵੰਦ ਤੱਕ ਪਹੁੰਚਾਈ ਜਾ ਰਹੀ ਹੈ ਰਾਹਤ ਸਮੱਗਰੀ



**ਚੌਕ ਮਹਿਤਾ, 8 ਸਤੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)** - ਹਲਕਾ ਜੰਡਿਆਲਾ ਗੁਰੂ ਤੋਂ ਆਮ ਆਦਮੀ ਪਾਰਟੀ ਦੇ ਸੀਨੀਅਰ ਲੀਡਰ ਜਿੱਲਾ ਵਾਈਸ਼ ਪ੍ਰਧਾਨ ਵਪਾਰ ਮੰਡਲ ਵਿੰਗ ਅੰਮ੍ਰਿਤਸਰ ਅਤੇ ਕੋਆਡੀਨੇਟਰ ਟ੍ਰੇਡ ਵਿੰਗ ਹਰਜਿੰਦਰ ਸਿੰਘ ਰੰਧਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਹੜ ਪ੍ਰਭਾਵਿਤ ਹਰੇਕ ਲੋੜਵੰਦ ਪਰਿਵਾਰ ਤੱਕ ਰਾਹਤ ਸਮੱਗਰੀ ਪਹੁੰਚਾ ਰਹੀ ਹੈ ਅਤੇ ਲਗਾਤਾਰ ਰਾਹਤ ਕਾਰਜਾਂ ਦੀ ਸਮੀਖਿਆ ਕੀਤੀ ਜਾ ਰਹੀ ਹੈ। ਹਰਜਿੰਦਰ ਰੰਧਾਵਾ ਨੇ ਕਿਹਾ ਕਿ ਇਹ ਇੱਕ ਕੁਦਰਤੀ ਕਰੋਪੀ ਹੈ, ਲੇਕਿਨ ਇਸ ਔਖੇ ਸਮੇਂ ਵਿੱਚ ਸਰਕਾਰ ਆਪਣੇ ਲੋਕਾਂ ਦਾ ਡੱਟ ਕੇ ਸਾਥ ਦੇ ਰਹੀ ਹੈ । ਉਹਨਾਂ ਨੇ ਕਿਹਾ ਕਿ ਆਪ ਸਰਕਾਰ ਵਲੋਂ ਜਿਲੇ ਵਿੱਚ ) - ਪ੍ਰਸਾਸਨ ਦੀਆਂ ਸਾਰੀਆਂ ਟੀਮਾਂ ਨੂੰ ਸਖਤ ਹਦਾਇਤਾਂ ਦਿੱਤੀਆਂ ਗਈਆ ਹਨ, ਕਿ ਪ੍ਰਭਾਵਿਤ ਇਲਾਕਿਆਂ ਵਿੱਚੋਂ ਲੋਕਾਂ ਲਈ ਰਾਹਤ ਕਾਰਜ ਅਤੇ ਰਾਹਤ ਸਮੱਗਰੀ ਦੇਣ ਵਿੱਚ ਲਗਾਤਾਰ ਬਣਾ ਕੇ ਰੱਖੀ ਜਾਵੇ। ਉਨਾਂ ਨੇ ਕਿਹਾ ਕਿ ਪੀੜਿਤ ਪਰਿਵਾਰਾਂ ਤੱਕ ਰਾਸਨ ਅਤੇ ਉਨਾਂ ਦੇ ਜਾਨਵਰਾਂ ਲਈ ਕੈਟਲ ਫੀਡ ਕਿਸਤੀਆਂ ਰਾਹੀਂ ਵੀ ਅੰਦਰਲੇ ਪਿੰਡਾਂ ਤੱਕ ਭੇਜੀ ਜਾ ਰਹੀ ਹੈ। ਉਨਾਂ ਨੇ ਕਿਹਾ ਕਿ ਰਾਹਤ ਕੈਂਪਾਂ ਵਿੱਚ ਆਏ ਸਾਰੇ ਲੋਕਾਂ ਨੂੰ ਪੰਜਾਬ ਸਰਕਾਰ ਵੱਲੋਂ ਸਾਰੀਆਂ ਬੁਨਿਆਦੀ ਜਰੂਰਤਾਂ ਮੁਹੱਈਆ ਕਰਵਾਈਆ ਜਾ ਰਹੀਆ ਹਨ।

### ਸਰਬੱਤ ਦਾ ਭਲਾ ਵੈਲਫੇਅਰ ਸੋਸਾਇਟੀ ਨੇ

# ਮੁਸਲਿਮ ਭਾਈਚਾਰੇ ਨੂੰ ਕੀਤਾ ਸਨਮਾਨਿਤ





**ਫ਼ਿਰੋਜ਼ਪੁਰ, 8 ਸਤੰਬਰ (ਮਨੋਹਰ ਲਾਲ) :—** ਪਿਛਲੇ ਦਿਨਾਂ ਤੋਂ ਪਏ ਭਾਰੀ ਮੀਂਹ ਕਾਰਣ ਪੰਜਾਬ ਦੇ ਕਈ ਸਰਹੱਦੀ ਇਲਾਕਿਆਂ ਵਿੱਚ ਜਿਸ ਤਰ੍ਹਾਂ ਹੜ੍ਹਾਂ ਨੇ ਭਿਆਨਕ ਰੂਪ ਧਰਿਆ ਹੋਇਆ ਹੈ ਅਤੇ ਜਿੱਥੇ ਕਈ ਘਰ ਡੁੱਬ ਗਏ ਹਨ ਅਤੇ ਕਈ ਇਨਸਾਨ ਆਪਣੀਆਂ ਜਾਨਾਂ ਗਵਾ ਬੈਠੇ ਹਨ ਇਸ ਮੁਸ਼ਿਕਲ ਘੜੀ ਵਿੱਚ ਜਿੱਥੇ ਧਾਰਮਿਕ ਜਥੇਬੰਦੀਆਂ ਮਦਦ ਲਈ ਅੱਗੇ ਆਈਆਂ ਹਨ ਉੱਥੇ ਹੀ ਫਿਰੋਜਪੁਰ ਸ਼ਹਿਰ ਤੋਂ ਉੱਘੇ ਸਮਾਜ ਸੇਵੀ ਅਤੇ ਰਿਟਾਇਰਡ ਡੀ.ਐਸ.ਪੀ ਸ੍ਰੀ ਗੋਪਾਲ ਚੰਦ ਭੰਡਾਰੀ ਅਤੇ ਸਰਬਤ ਦਾ ਭਲਾ ਵੈਲਫੇਅਰ ਸੋਸਾਇਟੀ ਦੇ ਪ੍ਰਧਾਨ ਜਰਨੈਲ ਸਿੰਘ ਗਾਬੜੀਆ ਦੇ ਯਤਨਾਂ ਸਦਕਾ ਸਹਾਇਤਾ ਚੈਰੀਟੇਬਲ ਟਰੱਸਟ ਸਹਸਪੁਰ ਬਿਜਨੌਰ ਤੋਂ ਮੁਸਲਿਮ ਭਾਈਚਾਰੇ ਦੇ ਵੀਰ ਪ੍ਰਧਾਨ ਓਮ ਪ੍ਰਕਾਸ਼ ਸਿੰਘ ਵੀ ਆਪਣੀ ਟੀਮ ਦੇ ਨਾਲ ਰਾਹਤ ਸਮੱਗਰੀ ਲੈ ਕੇ ਫਿਰੋਜਪੁਰ ਦੇ ਪਿੰਡ ਨਿਹਾਲੇ ਕੇ ਵਿਖੇ ਪਹੁੰਚੇ। ਇਸ ਮੌਕੇ ਟੀਮ ਦੇ ਮੈਂਬਰਾਂ ਨੇ ਡੋਰ ਟੂ ਡੋਰ ਜਰੂਰਤ ਮੰਦ ਪਰਿਵਾਰਾਂ ਨੂੰ ਰਾਸ਼ਨ ਦੀਆਂ ਕਿੱਟਾਂ ਜਿਸ ਵਿੱਚ ਆਟਾ ਚਾਵਲ ਦਾਲ ਖੰਡ ਸਰੋਂ ਦਾ ਤੇਲ ਮੱਛਰ ਦਾਨੀ ਕੰਬਲ ਅਤੇ ਛੋਟੇ ਬੱਚਿਆਂ ਦੇ ਕੱਪੜੇ ਆਦਿ ਦਿੱਤੇ ਗਏ। ਇਸ ਮੌਕੇ ਨਹਿਰੂ ਯੁਵਾ ਕੇਂਦਰ ਅਤੇ ਡਾਕਟਰ ਭੀਮ ਰਾਓ ਅੰਬੇਦਕਰ ਯੂਥ ਕਲੱਬ ਦੇ ਪ੍ਰਧਾਨ ਸੁਸ਼ੀਲ ਖੋਖਰ ਨੇ ਮੁਸਲਿਮ ਭਾਈਚਾਰੇ ਨੂੰ ਜੀ ਆਇਆ ਕਿਹਾ ਅਤੇ ਇਸ ਭਾਈਚਾਰੇ ਨਾਲ ਰਾਸ਼ਨ ਕਿੱਟਾਂ ਵੰਡਣ ਵਿੱਚ ਮਦਦ ਕੀਤੀ। ਇਸ ਮੌਕੇ ਮੁਸਲਿਮ ਭਾਈਚਾਰੇ ਦੇ ਪ੍ਰਧਾਨ ਓਮ ਪ੍ਰਕਾਸ਼ ਸਿੰਘ ਨੇ ਕਿਹਾ ਕਿ ਅਸੀਂ ਲਗਾਤਾਰ ਤਿੰਨ ਦਿਨ ਫਿਰੋਜਪੁਰ ਦੇ ਹੜ ਪ੍ਰਭਾਵਿਤ ਪਿੰਡਾਂ ਵਿੱਚ ਇਸੇ ਤਰ੍ਹਾਂ ਰਾਸ਼ਨ ਕਿੱਟਾਂ ਵੰਡਾਂਗੇ ਮੁਸਲਿਮ ਭਾਈਚਾਰੇ ਦੇ ਇਸ ਇਸ ਸ਼ਲਾਘਾਯੋਗ ਕੰਮ ਨੂੰ ਵੇਖਦੇ ਹੋਏ ਸਰਬਤ ਦਾ ਭਲਾ ਵੈਲਫੇਅਰ ਸੋਸਾਇਟੀ ਦੇ ਪ੍ਰਧਾਨ ਜਰਨੈਲ ਸਿੰਘ ਗਾਬੜੀਆ ਅਤੇ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਦੇ ਜ਼ਿਲ੍ਹਾ ਪ੍ਰਧਾਨ ਭਾਈ ਬਲਕਾਰ ਸਿੰਘ ਨੇ ਮੁਸਲਿਮ ਭਾਈਚਾਰੇ ਦੇ ਵੀਰਾਂ ਨੂੰ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ। ਇਥੇ ਇਹ ਦੱਸਣਾ ਵੀ ਬਣਦਾ ਹੈ ਕਿ ਜਿਸ ਤਰ੍ਹਾਂ ਇਸ ਮੁਸਲਿਮ ਭਾਈਚਾਰੇ ਨੇ ਇਸ ਮੁਸ਼ਿਕਲ ਦੀ ਘੜੀ ਵਿੱਚ ਫਿਰੋਜ਼ਪੁਰ ਦੇ ਜਰੂਰਤਮੰਦ ਪਰਿਵਾਰਾਂ ਦੀ ਮਦਦ ਕੀਤੀ ਹੈ ਉਸ ਨੂੰ ਵੇਖਦੇ ਹੋਏ ਆੜ੍ਹਤੀਆ ਵਿਪਨ ਅਰੋੜਾ ਅਤੇ ਜੈ ਦੁਰਗਾ ਪ੍ਰੋਪਰਟੀ ਡੀਲਰ ਦੇ ਮਾਲਕ ਸੰਜੀਵ ਸ਼ਰਮਾ ਨੇ ਇਸ ਭਾਈਚਾਰੇ ਦਾ ਧੰਨਵਾਦ ਕੀਤਾ। ਇਸ ਮੌਕੇ ਮੁਸਲਿਮ ਭਾਈਚਾਰੇ ਦੇ ਮੁਹੰਮਦ ਖਾਲਦ ਮੁਹੰਮਦ ਕਾਸਿਮ ਸਮੀਰ ਅਹਿਮਦ ਮੁਹੰਮਦ ਤਾਜ ਮੁਹੰਮਦ ਤੁਰਕਾਨ ਫਿਰੋਜ ਅਹਿਮਦ ਨਦੀਮ ਅਹਿਮਦ ਫਰਿਆਦ ਸਲਮਾਨ ਨਿਜਾਮੁਦੀਨ ਦੇ ਇਲਾਵਾ ਅਮਰ ਸਿੰਘ ਗੁਰਪ੍ਰੀਤ ਸਿੰਘ ਜਗਤਾਰ ਸਿੰਘ ਆਦੀ ਹਾਜਰ ਸਨ।

# ਅਮਰੀਕਾ ਦੇ ਐਮ.ਐਸ ਮੁਲਤਾਨੀ ਨੇ ਭੇਜਿਆ 450 ਲੀਟਰ ਡੀਜ਼ਲ ਅਤੇ ਮਾਇਆ ਵੀ ਹੜ੍ਹ ਪੀੜਤਾਂ ਲਈ ਵਾਰਿਸ ਪੰਜਾਬ ਜਥੇਬੰਦੀ ਨੂੰ ਭੇਜੀ ਗਈ



**ਫ਼ਿਰੋਜ਼ਪੁਰ, 8 ਸਤੰਬਰ (ਮਨੋਹਰ ਲਾਲ) :—** ਅਮਰੀਕਾ ਵਿਚ ਆਪਣੀ ਰੋਜੀ ਰੋਟੀ ਕਮਾ ਰਹੇ ਐਮ.ਐਸ ਮੁਲਤਾਨੀ ਜਿਹੜੇ ਕਿ ਪੰਜਾਬ ਦੇ ਹੜ੍ਹ ਪੀੜਤਾਂ, ਕਰੋਨਾ ਵਿਚ ਅਤੇ 1984 ਦੇ ਸ਼ਹੀਦ ਪਰਿਵਾਰਾਂ ਦੀ ਬਾਂਹ ਫੜੀ ਹੋਈ ਹੈ ਅਤੇ ਇਕ ਸਾਲ ਵਿਚ ਦੋ ਵਾਰੀ 30—40 ਸ਼ਹੀਦ ਪਰਿਵਾਰਾਂ ਦੀ ਮੱਦਦ ਕਰਦੇ ਜਿਵੇਂ ਕਿ ਫਤਿਹਗੜ੍ਹ ਸਾਹਿਬ ਵਿਖੇ 13 ਪੋਹ ਨੂੰ ਅਤੇ 6 ਜੂਨ ਨੂੰ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ 30—40 ਸ਼ਹੀਦ ਪਰਿਵਾਰਾਂ ਦੀ ਮੱਦਦ ਕਰਦੇ ਹਨ, ਇਸ ਤੋਂ ਇਲਾਵਾ ਸ਼ਹੀਦ ਪਰਿਵਾਰਾਂ ਨੂੰ ਮੱਝਾਂ ਲੈ ਕੇ ਦੇਣਾ, ਬੇਰੁਜ਼ਗਾਰਾਂ ਨੂੰ ਆਟੋ ਲੈ ਕੇ ਦੇਣਾ ਆਦਿ ਉਨ੍ਹਾਂ ਦੀ ਸੋਚ ਨੂੰ ਲੱਖ—ਲੱਖ ਵਾਰੀ ਪ੍ਰਣਾਮ, ਇਹੋ ਜਿਹੇ ਮਨੁੱਖ ਲਭਿਆ ਵੀ ਨਹੀਂ ਮਿਲਦੇ ਜਿਨ੍ਹਾਂ ਦੇ ਦਿਲਾਂ ਵਿਚ ਦਰਦ ਹੈ। ਅਸੀਂ ਸਮੂਹ ਪੰਜਾਬ ਦੀ ਸੰਗਤ ਨੇ ਅਮਰੀਕਾ ਦੀ ਸੰਗਤ ਅਤੇ ਜਥੇਬੰਦੀਆਂ ਅਤੇ ਗੁਰਦੁਆਰਾ ਪ੍ਰਬੰਧਕਾਂ ਨੂੰ ਅਤੇ ਹਰ ਦੇਸ਼ ਦੀ ਸੰਗਤ ਨੂੰ ਬੇਨਤੀ ਕਰਦੇ ਹਾਂ ਕਿ ਮੇਹਨਤੀ, ਇਮਾਨਦਾਰ, ਲੀਡਰ ਅਤੇ ਜਿਹੜੇ ਸ਼ਹੀਦ ਪਰਿਵਾਰ ਦੀ ਬਾਂਹ ਫੜਨ ਵਾਲੇ, ਕਰੋਨਾ ਵਿਚ ਲੋਕਾਂ ਦੀ ਬਾਂਹ ਫੜਨ ਵਾਲੇ ਉੱਚੀ ਸੋਚ ਦੇ ਮਾਲਿਕ ਐਮ.ਐਸ ਮੁਲਤਾਨੀ ਨਾਲ ਮੋਢੇ ਨਾਲ ਮੋਢਾ ਲਾ ਕੇ ਖੜੀਏ ਤਾਂ ਜ਼ੋ ਹੜ੍ਹ ਪੀੜਤ ਅਤੇ ਕੁਦਰਤੀ ਆਫਤਾਂ ਵਿਚ ਘਿਰ ਚੁੱਕੇ ਲੋਕਾਂ ਲਈ ਕੁਝ ਕਰ ਸਕੀਏ। ਐਮ.ਐਸ ਮੁਲਤਾਨੀ ਨਿਓਯਾਰਕ ਯੂ.ਐਸ.ਏ ਨਾਲ ਨਾਲ ਸੰਪਰਕ ਕੀਤਾ ਜਾ ਸਕਦਾ ਹੈ।

# ਹੜਾਂ ਤੋਂ ਰਾਹਤ ਲਈ ਕੌਂਸਲ ਵੱਲੋਂ ਹਵਨ ਯੱਗ ਕਰਵਾਇਆ ਪਰਮਾਤਮਾ ਦੇ ਚਰਨਾਂ ਵਿੱਚ ਕੀਤੀਆਂ ਅਰਦਾਸ ਬੇਨਤੀਆਂ



**ਫ਼ਿਰੋਜ਼ਪੁਰ, 8 ਸਤੰਬਰ (ਮਨੋਹਰ ਲਾਲ) :—** ਜਿਵੇਂ ਕਿ ਤੁਸੀਂ ਜਾਣਦੇ ਹੋ ਇਸ ਵੇਲੇ ਪੰਜਾਬ ਦਾ ਬਹੁਤ ਵੱਡਾ ਇਲਾਕਾ ਹੜ੍ਹਾਂ ਦੀ ਮਾਰ ਝੇਲ ਰਿਹਾ ਹੈ, ਬਹੁਤ ਸਾਰੇ ਲੋਕ ਘਰਾਂ ਤੋਂ ਬੇਘਰ ਹੋ ਕੇ ਰਾਹਤ ਕੈਂਪਾਂ ਵਿੱਚ ਬੈਠੇ ਹੋਏ ਹਨ ਅਤੇ ਵੱਖ—ਵੱਖ ਐਨ.ਜੀ.ਓ ਅਤੇ ਧਾਰਮਿਕ ਸੰਸਥਾਵਾਂ ਉਨ੍ਹਾਂ ਨੂੰ ਰਾਹਤ ਪਹੁੰਚਾਉਣ ਲਈ ਵੱਡੇ ਪੱਧਰ ਤੇ ਕੰਮ ਕਰ ਰਹੇ ਹਨ। ਇਸੇ ਲੜੀ ਵਿੱਚ ਸੀਨੀਅਰ ਸਿਟੀਜਨ ਕੌਂਸਲ ਫਿਰੋਜ਼ਪੁਰ ਵੀ ਪਿੱਛੇ ਨਹੀਂ ਹੈ ਉਨ੍ਹਾਂ ਵੱਲੋਂ ਵੀ ਬਾਰੇਕੇ ਵਿਖੇ ਰਾਹਤ ਕੈਂਪਾਂ ਵਿੱਚ ਲੋੜੀਂਦੀ ਸਮਗਰੀ ਹੜ੍ਹ ਪੀੜਤਾਂ ਵਿੱਚ ਵੰਡੀ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਸੀਨੀਅਰ ਸਿਟੀਜਨ ਕੌਂਸਲ ਦੇ ਪ੍ਰਧਾਨ ਸ੍ਰੀ ਪੀ.ਡੀ ਸ਼ਰਮਾ ਨੇ ਦੱਸਿਆ ਕਿ ਅੱਜ ਬਾਗਬਾਨ ਵਿਖੇ ਇੱਕ ਹਵਨਯੱਗ ਰੱਖਿਆ ਗਿਆ ਸੀ, ਜਿਸ ਵਿੱਚ ਕੌਂਸਲ ਦੇ ਸਮੂਹ ਮੈਂਬਰ ਅਹੁਦੇਦਾਰ ਅਤੇ ਸ਼ਹਿਰ ਦੇ ਪਤਵੰਤਿਆਂ ਵੱਲੋਂ ਹੜ੍ਹਾਂ ਤੋਂ ਬਚਾਉਣ ਲਈ ਪਰਮਾਤਮਾ ਦੇ ਚਰਨਾਂ ਵਿੱਚ ਅਰਦਾਸਾਂ ਬੇਨਤੀਆਂ ਕੀਤੀਆਂ। ਇਸ ਮੌਕੇ ਹਵਨਯੱਗ ਵਿੱਚ ਬਹੁਤ ਵੱਡੀ ਗਿਣਤੀ ਵਿੱਚ ਲੋਕਾਂ ਵੱਲੋਂ ਪੂਰਨ ਅਹੂਤੀ ਪਾ ਕੇ ਤੇ ਸਮੂਹ ਸੰਗਤ ਦੇ ਸਿਰ ਤੇ ਮਿਹਰ ਭਰਿਆ ਹੱਥ ਰੱਖਣ ਲਈ ਬੇਨਤੀਆਂ ਕੀਤੀਆਂ ਅਤੇ ਹੜ੍ਹਾਂ ਤੋਂ ਰਾਹਤ ਲਈ ਅਰਦਾਸਾਂ ਕੀਤੀਆਂ। ਉਨ੍ਹਾਂ ਕਿਹਾ ਕਿ ਪੰਜਾਬ ਦੇ ਬਹੁਤ ਸਾਰੇ ਇਲਾਕੇ ਹੜ੍ਹਾਂ ਦੀ ਮਾਰ ਵਿੱਚ ਆਏ ਹੋਏ ਹਨ, ਇਸ ਦਾ ਕਾਰਨ ਭਾਵੇਂ ਜੋ ਵੀ ਹੋਵੇ ਪਰ ਇਹ—ਇੱਕ ਰੱਬੀ ਕਰੋਪੀ ਹੀ ਕਹੀ ਜਾ ਸਕਦੀ ਹੈ, ਇਸ ਲਈ ਬਹੁਤ ਵੱਡੀ ਗਿਣਤੀ ਬਾਗਵਾਨ ਵਿਖੇ ਇਕੱਠੇ ਹੋ ਕੇ ਪਰਮਾਤਮਾ ਨੂੰ ਅਰਦਾਸ ਕੀਤੀ ਕਿ ਪਰਮਾਤਮਾ ਉਨ੍ਹਾਂ ਸਾਰੇ ਹਰ ਪੀੜਿਤ ਵਿਅਕਤੀਆਂ ਨੂੰ ਹੜ੍ਹਾਂ ਤੋਂ ਬਚਾ ਕੇ ਆਪਣੇ ਘਰਾਂ ਵਿੱਚ ਸੁਰੱਖਿਆ ਅਤੇ ਰੋਜ਼ਾਨਾ ਜ਼ਿੰਦਗੀ ਜਿਉਣ ਲਈ ਮਿਹਰ ਕਰੇ। ਇਸ ਮੌਕੇ ਤੇ ਡਾਕਟਰ ਅਮਨ ਕਟਾਰੀਆ ਕਨੇਡਾ ਤੋਂ ਬਤੌਰ ਮੁੱਖ ਮਹਿਮਾਨ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ ਉਨ੍ਹਾਂ ਨਾਲ ਸ੍ਰੀ ਗਰੋਵਰ ਸਾਹਿਬ ਬਤੌਰ ਮੁੱਖ ਮਹਿਮਾਨ ਇਥੇ ਪੁੱਜੇ। ਉਨ੍ਹਾਂ ਵੱਲੋਂ ਵੀ ਅਰਦਾਸਾਂ ਕੀਤੀਆਂ ਗਈਆਂ ਕਿ ਵਾਹਿਗੁਰੂ ਮਿਹਰ ਕਰੇ ਅਤੇ ਹੜ੍ਹ ਪੀੜਤ ਵਿਅਕਤੀ ਆਪਣੇ ਘਰਾਂ ਵਿੱਚ ਜਾ ਕੇ ਰੋਜ਼ਾਨਾ ਦੀ ਤਰ੍ਹਾਂ ਜੀਵਨ ਜਿਉਣ। ਇਸ ਮੌਕੇ ਤੇ ਅਗਸਤ ਮਹੀਨੇ ਦੇ ਜਨਮ ਦਿਨ ਵਾਲਿਆਂ ਨੂੰ ਵੀ ਜਨਮ ਦਿਨ ਤੋਂ ਜਨਮ ਦਿਨ ਤੋਹਫੇ ਦੇ ਕੇ ਸਨਮਾਨਿਤ ਕੀਤਾ ਗਿਆ। ਮੁੱਖ ਮਹਿਮਾਨ ਡਾਕਟਰ ਅਮਨ ਕਟਾਰੀਆ ਨੇ ਦੰਦਾਂ ਦੀਆਂ ਵੱਖ—ਵੱਖ ਬਿਮਾਰੀਆਂ ਅਤੇ ਉਨ੍ਹਾਂ ਜੇ ਬਚਾਉ ਲਈ ਹਾਜ਼ਰ ਮੈਂਬਰਾਂ ਨੂੰ ਜਾਗਰੂਕ ਕੀਤਾ। ਉਨ੍ਹਾਂ ਕਿਹਾ ਕਿ ਜੇਕਰ ਅਸੀਂ ਰੋਜਾਨਾ ਦੰਦਾਂ ਦੀ ਸੰਭਾਲ ਰੱਖੀਏ ਤਾਂ ਦੰਦ ਕਦੀ ਵੀ ਖਰਾਬ ਨਹੀਂ ਹੁੰਦੇ। ਅੰਤ ਵਿੱਚ ਕੌਂਸਲ ਦੇ ਪ੍ਰਧਾਨ ਚੇਅਰਮੈਨ ਅਤੇ ਸਮੂਹ ਅਹੁਦੇਦਾਰਾਂ ਅਤੇ ਮੈਂਬਰਾਂ ਵੱਲੋਂ ਮੁੱਖ ਮਹਿਮਾਨ ਦਾ ਧੰਨਵਾਦ ਕੀਤਾ ਅਤੇ ਉਨ੍ਹਾਂ ਨੂੰ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਤੇ ਡੀ.ਸੀ.ਵੀ ਬੈਂਕ ਦੇ ਮੈਨੇਜਰ ਮਨੀਸ਼ ਸ਼ਰਮਾ ਅਤੇ ਉਨ੍ਹਾਂ ਦਾ ਸਟਾਫ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਇਆ ਅਤੇ ਜਨਮ ਦਿਨ ਵਾਲਿਆਂ ਲਈ ਕੇਕ ਲਿਆ ਕੇ ਉਨ੍ਹਾਂ ਦਾ ਜਨਮ ਮਨਾਉਣ ਵਿਚ ਆਪਣਾ ਹਿੱਸਾ ਪਾਇਆ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਸਰਵਸ਼੍ਰੀ ਵਿਨੋਦ ਗਰੋਵਰ, ਪ੍ਰਦੀਪ ਕੁਮਾਰ, ਮੱਖਣ ਲਾਲ, ਬਲਬੀਰ ਸਿੰਘ, ਗੁਰਚਰਨ ਸਿੰਘ ਸੇਠੀ, ਰਾਮ ਚੰਦ ਬਿੰਦਰਾ, ਸਵਰਨ ਸਿੰਘ ਸੁਹਾਨਾ, ਸੂਰਯ ਪ੍ਰਕਾਸ਼ ਦੀਪ ਚੰਦ ਅੰਮ੍ਰਿਤ ਸੋਡੀ, ਮੈਡਮ ਸ਼ਸ਼ੀ ਚੁੱਘ, ਅਵਤਾਰ ਸਿੰਘ, ਰਾਧੇ ਮੋਹਨ, ਮਨੋਹਰ ਲਾਲ, ਸੀ.ਐਲ ਅਰੋੜਾ, ਹਰੀ ਚੰਦ ਚੋਪੜਾ, ਓਮ ਪ੍ਰਕਾਸ਼ ਬਜਾਜ, ਜੋਗਿੰਦਰ ਸਿੰਘ ਅਤੇ ਹੋਰ ਬਹੁਤ ਸਾਰੇ ਅਹੁਦੇਦਾਰ ਤੇ ਮੈਂਬਰ ਹਾਜਰ ਸਨ।

# ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਧੰਨ-ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਪੁਰਬ ਨੂੰ ਸਮਰਪਿਤ ਅਤੇ ਧੰਨ-ਧੰਨ ਬਾਬਾ ਨੰਦ ਸਿੰਘ ਜੀ ਦ ਬਰਸੀ ਦੀ ਮਿੱਠੀ ਯਾਦ ਵਿਚ ਸਲਾਨਾ ਮਹਾਨ ਗੁਰਮਤਿ ਜਪ ਤਪ ਸਮਾਗਮ 20 ਸਤੰਬਰ ਨੂੰ—ਸੰਤ ਬਾਬਾ ਸੁੱਚਾ ਸਿੰਘ



**ਫ਼ਿਰੋਜ਼ਪੁਰ, 8 ਸਤੰਬਰ (ਮਨੋਹਰ ਲਾਲ) :—** ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਧੰਨ—ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਪੂਰਬ ਨੂੰ ਸਮਰਪਿਤ ਅਤੇ ਧੰਨ—ਧੰਨ ਬਾਬਾ ਨੰਦ ਸਿੰਘ ਜੀ ਦੀ ਬਰਸੀ ਦੀ ਮਿੱਠੀ ਯਾਦ ਵਿਚ ਸਲਾਨਾ ਮਹਾਨ ਗੁਰਮਤਿ ਜਪ ਤਪ ਸਮਾਗਮ 20 ਸਤੰਬਰ 2025 (5 ਅੱਸੂ) ਦਿਨ ਸ਼ਨੀਵਾਰ ਕਰਵਾਏ ਜਾ ਰਹੇ ਹਨ। ਇਹ ਜਾਣਕਾਰੀ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਧੰਨ—ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਪੂਰਬ ਨੂੰ ਸਮਰਪਿਤ ਅਤੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਧੰਨ—ਧੰਨ ਬਾਬਾ ਨੰਦ ਸਿੰਘ ਜੀ ਦੀ ਬਰਸੀ ਦੀ ਮਿੱਠੀ ਯਾਦ ਵਿਚ ਸਲਾਨਾ ਮਹਾਨ ਗੁਰਮਤਿ ਜਪ ਤਪ ਸਮਾਗਮ ਅਤੇ ਸ੍ਰੀ ਮਹਾਂ ਸੰਪਟ ਆਖੰਡ ਪਾਠਾਂ ਦੇ ਭੋਗ 20 ਸਤੰਬਰ 2025 (5 ਅੱਸੂ) ਦਿਨ ਸ਼ਨੀਵਾਰ ਨੂੰ ਸਵੇਰੇ 10 ਵਜੇ ਪਾਏ ਜਾਣਗੇ। ਭੋਗ ਉਪਰੰਤ ਕੀਰਤਨ ਦਰਬਾਰ 10 ਵਜੇ ਤੋਂ 5 ਵਜੇ ਤੱਕ ਸਜਾਏ ਜਾਣਗੇ। ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਅੱਗੇ ਦੱਸਿਆ ਕਿ ਇਸ ਮੌਕੇ ਤੇ ਸੰਤ ਮਹਾਂਪੁਰਸ਼ ਗੁਣੀ ਗਿਆਨੀ, ਵਿਦਵਾਨ, ਕਥਾਵਾਚਕ, ਰਾਗੀ, ਢਾਡੀ ਸੰਗਤਾਂ ਨੂੰ ਗੁਰਇਤਿਹਾਸ ਸੁਣਾ ਕੇ ਨਿਹਾਲ ਕਰਨਗੇ। ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਅੱਗੇ ਦੱਸਿਆ ਕਿ ਇਸ ਮੌਕੇ ਤੇ ਸ੍ਰੀਮਾਨ ਸੰਤ ਬਾਬਾ ਗੁਰਜੀਤ ਸਿੰਘ ਮੌਜੂਦਾ ਮੁਖੀ ਨਾਨਕਸਰ ਕਲੇਰਾਂ ਵਾਲੇ ਵਿਸ਼ੇਸ਼ ਤੌਰ ਤੇ ਦਰਸ਼ਨ ਦੇਣਗੇ ਅਤੇ ਸਿੰਘ ਸਾਹਿਬ ਗਿਆਨੀ ਰਘੁਬੀਰ ਸਿੰਘ ਹੈਡ ਗ੍ਰੰਥੀ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਪਹੁੰਚ ਰਹੇ ਹਨ ਅਤੇ ਸ੍ਰੀਮਾਨ ਸੰਤ ਬਾਬਾ ਗੁਰਚਰਨ ਸਿੰਘ ਨਾਨਕਸਰ ਕਲੇਰਾਂ ਵਾਲੇ, ਸ੍ਰੀਮਾਨ ਸੰਤ ਬਾਬਾ ਸੇਵਾ ਸਿੰਘ ਨਾਨਕਸਰ ਕਲੇਰਾਂ ਵਾਲੇ, ਸ੍ਰੀਮਾਨ ਸੰਤ ਬਾਬਾ ਹਰੀ ਸਿੰਘ ਜ਼ੀਰੇ ਵਾਲੇ, ਭਾਈ ਸਾਹਿਬ ਭਾਈ ਅਮਨਦੀਪ ਸਿੰਘ, ਬੀਬੀ ਕੌਲਾਂ ਸ੍ਰੀ ਅੰਮ੍ਰਿਤਸਰ ਵਾਲੇ, ਸੰਤ ਬਾਬਾ ਬਲਵਿੰਦਰ ਸਿੰਘ ਕੋਰਾਲੀ ਵਾਲੇ (ਯੂ.ਐਸ.ਏ), ਬਾਬਾ ਤਜਿੰਦਰ ਸਿੰਘ ਜਿੰਦੂ ਨਾਨਕਸਰ ਕਲੇਰਾਂ ਵਾਲੇ, ਸ੍ਰੀਮਾਨ ਸੰਤ ਬਾਬਾ ਅਵਤਾਰ ਸਿੰਘ ਸੁਰ ਸਿੰਘ ਵਾਲੇ ਮੌਜੂਦਾ ਮੁਖੀ ਦਲ ਪੰਥ ਬਾਬਾ ਬਿਧੀ ਚੰਦ ਛੀਨਾ ਗੁਰੂ ਕਾ ਸੀਨਾ, ਸ੍ਰੀਮਾਨ ਸੰਤ ਬਾਬਾ ਭਗਤ ਮਿਲਵਾ ਸਿੰਘ ਅਰਮਾਨਪੁਰਾ ਵਾਲੇ, ਭਾਈ ਸਾਹਿਬ ਭਾਈ ਸੁਖਦੇਵ ਸਿੰਘ ਖਾਲਸਾ ਮੁੱਖ ਬੁਲਾਰਾ ਦਮਦਮੀ ਟਕਸਾਲ ਤੋਂ ਇਲਾਵਾ ਭਾਰੀ ਗਿਣਤੀ ਵਿਚ ਸੰਤ ਮਹਾਂਪੁਰਸ਼ ਪਹੁੰਚ ਰਹੇ ਹਨ। ਬਾਬਾ ਜੀ ਨੇ ਅੱਗੇ ਦੱਸਿਆ ਕਿ ਇਸ ਮੌਕੇ ਤੇ ਅੰਮ੍ਰਿਤ ਸੰਚਾਰ 12 ਵਜੇ ਕਰਵਾਏ ਜਾਣਗੇ ਅਤੇ ਮੈਡੀਕਲ ਕੈਂਪ ਵੀ ਅਤੇ ਅੱਖਾਂ ਦਾ ਕੈਂਪ ਵਿਚ ਫਰੀ ਚੈਕਅਪ ਕਰਕੇ ਦਵਾਈਆਂ ਦਿੱਤੀਆਂ ਜਾਣਗੀਆਂ। ਬਾਬਾ ਜੀ ਨੇ ਸਮੂਹ ਸੰਗਤਾਂ ਨੂੰ ਬੇਨਤੀ ਕੀਤੀ ਕਿ ਭਾਰੀ ਗਿਣਤੀ ਵਿਚ ਪਹੁੰਚ ਕੇ ਆਏ ਹੋਏ ਮਹਾਂਪੁਰਸ਼ਾਂ ਦੇ ਵਿਚਾਰ ਸੁਣਕੇ ਆਪਣਾ ਜੀਵਨ ਸਫਲ ਬਣਾਉ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਏ ਜਾਣਗੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

350ਸਾਲਾ ਸ਼ਹੀਦੀ ਦਿਵਸ ਸ੍ਰੀ ਗੁਰੂ ਤੇਗ ਬਹਾਦੁਰ ਮਹਾਰਾਜ ਜੀ ਨੂੰ ਸਮਰਪਤਿ ਵਿਸ਼ੇਸ਼ ਸਮਾਗਮ ਵਿੱਚ

# ਅੰਤਰਰਾਸ਼ਟਰੀ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਹੋਰ ਪੰਥਕ ਸ਼ਖਸੀਅਤਾਂ ਨੇ ਹਾਜ਼ਰੀ ਭਰੀ












350ਸਾਲਾ ਸ਼ਹੀਦੀ ਦਿਵਸ ਸ੍ਰੀ ਗੁਰੂ ਤੇਗ ਬਹਾਦੁਰ ਮਹਾਰਾਜ ਜੀ ਨੂੰ ਸਮਰਪਤਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਵਿਸ਼ਨੂੰ ਗਾਰਡਨ ਦਿੱਲੀ ਵਿਖੇ ਕਰਵਾਏ ਗਏ ਵਿਸ਼ੇਸ਼ ਸਮਾਗਮ ਵਿੱਚ ਅੰਤਰਰਾਸ਼ਟਰੀ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਭਾਈ ਬਲਵਿੰਦਰ ਸਿੰਘ ਲੋਪੋਕੇ ਹਜ਼ੂਰੀ ਰਾਗੀ ਜੱਥਾ ਸੱਚਖੰਡ ਸ੍ਰੀ ਦਰਬਾਰ ਸਾਹਿਬ ਨੇ ਕਥਾ ਕੀਰਤਨ ਦੀ ਹਾਜਰੀ ਭਰੀ,ਸਿੱਖ ਸੰਗਤਾਂ ਨੇ ਆਨੰਦ ਮਾਣਿਆ,ਲੋਕਲ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਭਾਈ ਹਰਜੀਤ ਸਿੰਘ ਪੱਪਾ ਮੈਂਬਰ DSGMC ਨੇ ਸਿਰਪਾਓ ਸ੍ਰੀ ਸਾਹਿਬ ਭੇਂਟ ਕਰਕੇ ਸਨਮਾਨਿਤ ਕੀਤਾ। (ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਪੰਜਾਬ ਵਿਚ ਹੜ੍ਹ ਪੀੜਤਾਂ ਲਈ ਮੌਜੂਦਾ ਦਮਦਮੀ ਟਕਸਾਲ ਦੇ ਮਹਾਂਪੁਰਸ਼ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲੇ ਦੀ ਸੁਚੱਜੀ ਅਗਵਾਈ ਹੇਠ

# ਲਗਾਤਾਰ ਹੜ੍ਹ ਪੀੜਤਾਂ ਦੀ ਸਾਰ ਘਰ-ਘਰ ਲੈ ਰਹੇ ਹਨ








**ਫ਼ਿਰੋਜ਼ਪੁਰ, 8 ਸਤੰਬਰ (ਮਨੋਹਰ ਲਾਲ) :—** ਪੰਜਾਬ ਵਿਚ ਹੜ੍ਹ ਪੀੜਤਾਂ ਲਈ ਮੌਜੂਦਾ ਮਹਾਂਪੁਰਖ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਮੌਜੂਦਾ ਮੁਖੀ ਦਮਦਮੀ ਟਕਸਾਲ ਦੀ ਸੁਚੱਜੀ ਅਗਵਾਈ ਹੇਠ ਬਹੁਤ ਵੱਡਾ ਕਾਫਲਾ ਹੜ ਪੀੜਤਾਂ ਦੇ ਘਰ—ਘਰ ਜਾ ਕੇ ਹੜ੍ਹ ਪੀੜਤਾਂ ਲਈ ਦਵਾਈਆਂ, ਰਾਸ਼ਨ, ਪਸ਼ੂਆਂ ਲਈ ਫੀਡ, ਤਰਪਾਲਾਂ ਅਤੇ ਹੋਰ ਬਹੁਤ ਸਾਰੀਆਂ ਵਸਤੂਆਂ ਹੜ੍ਹ ਪੀੜਤ ਲੋਕਾਂ ਤੱਕ ਪਹੁੰਚਾਈ ਜਾ ਰਹੀ ਹੈ। ਇਹ ਕਾਰਜ ਮਹਾਂਪੁਰਖਾਂ ਨੇ ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ ਮੁੱਖ ਬੁਲਾਰਾ ਦਮਦਮੀ ਟਕਸਾਲ ਜ਼ੋ ਘਰ—ਘਰ ਜਾ ਕੇ ਕਿਸ਼ਤੀਆਂ ਰਾਹੀਂ ਸਾਰ ਲੈ ਰਹੇ ਹਨ। ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ ਨੇ ਕਿਹਾ ਕਿ ਇਨ੍ਹਾਂ ਹੜ੍ਹ ਨਾਲ ਲੋਕ ਬਹੁਤ ਦੁਖੀ ਹਨ ਅਤੇ ਉਨ੍ਹਾਂ ਦਾ ਸਾਰਾ ਸਮਾਨ ਪਸ਼ੂ, ਡੰਗਰ ਅਤੇ ਹੋਰ ਕੀਮਤੀ ਸਮਾਨ ਹੜ੍ਹ ਵਿਚ ਰੂੜ ਗਿਆ ਹੈ। ਉਨ੍ਹਾਂ ਕਿਹਾ ਕਿ ਸਾਡੀਆਂ ਟੀਮਾਂ ਮੁਸ਼ਿਕਲ ਥਾਵਾਂ, ਘਰਾਂ ਵਿਚ ਜਾ ਕੇ ਹੜ੍ਹ ਪੀੜਤਾਂ ਦੀ ਮੱਦਦ ਕਰ ਰਹੀ ਹੈ, ਇਸ ਮੌਕੇ ਤੇ ਉਹ ਰਾਮਦਾਸ ਏਰੀਆ, ਅਜਨਾਲਾ, ਡੇਰਾ ਬਾਬਾ ਨਾਨਕ ਤੇ ਏਰੀਏ ਵਿਚ ਘਰ—ਘਰ ਜਾ ਰਹੇ ਹਨ ਅਤੇ ਕਈ ਹੋਰ ਥਾਵਾਂ ਤੇ ਜਾ ਕੇ ਘਰ—ਘਰ ਰਾਸ਼ਨ ਦੇ ਰਹੇ ਹਨ।



ਸ੍ਰੀ ਗੁਰੂ ਸਿੰਘ ਸਭਾ, ਕਲਕੱਤਾ ਅਤੇ ਸਥਾਨਕ ਸਿੱਖ ਸੰਗਤਾਂ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਗੁਰਿਆਈ ਦਿਵਸ ਅਤੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਵਸ ਨੂੰ ਸਮਰਪਿਤ ਗੁਰਮਤਿ ਸਮਾਗਮ ਮਿਤੀ 14/09/2025 ਨੂੰ ਨੇਤਾਜੀ ਇੰਨਡੋਰ ਸਟੇਡੀਅਮ, ਕਲਕੱਤਾ ਵਿਖੇ ਕਰਵਾਏ ਜਾ ਰਹੇ ਹਨ। ਇੰਨਾਂ ਗੁਰਮਤਿ ਸਮਾਗਮਾ ਵਿੱਚ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ, ਮੈਂਬਰ ਸਾਹਿਬਾਨ ਤੇ ਅਧਿਕਾਰੀਆਂ ਨੂੰ ਸ਼ਮੂਲੀਅਤ ਲਈ ਸੱਦਾ ਪੱਤਰ ਅੱਜ ਸ. ਲਖਬੀਰ ਸਿੰਘ ਜੀ ਪ੍ਰਧਾਨ ਗੁਰਦੁਆਰਾ ਸ੍ਰੀ ਰਾਮਪੁਰ ਅਤੇ ਸ. ਦਵਿੰਦਰ ਸਿੰਘ ਜਨਰਲ ਸਕੱਤਰ ਗੁਰਦੁਆਰਾ ਸਿੱਖ ਸੰਗਤ ਦਮਦਮਾ ਸਾਹਿਬ ਵੱਲੋਂ ਦਿੱਤੇ ਗਏ। ਇਸ ਮੌਕੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਭਾਈ ਅਜੈਬ ਸਿੰਘ ਅਭਿਆਸੀ, ਸ. ਸਤਬੀਰ ਸਿੰਘ ਓਐਸਡੀ ਅਤੇ ਸ. ਬਲਵਿੰਦਰ ਸਿੰਘ ਕਾਹਲਵਾਂ ਸਕੱਤਰ ਧਰਮ ਪ੍ਰਚਾਰ ਕਮੇਟੀ ਹਾਜਰ ਸਨ। (ਫੋਟੋ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

## ਧੰਨ ਧੰਨ ਬਾਬਾ ਜੀਵਨ ਸਿੰਘ ਸਰਭ ਸਾਝੀ ਸੇਵਾ ਸੋਸਾਇਟੀ ਪੰਜਾਬ ਦੇ ਮੁਖੀ ਭਾਈ ਮਨਜੀਤ ਸਿੰਘ ਵਲੋਂ ਵੱਖ ਵੱਖ ਪਿੰਡਾਂ ਦੋਰਾ



**ਚੌਕ ਮਹਿਤਾ, 8 ਸਤੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )** -ਹਲਕਾ ਜੰਡਿਆਲਾ ਗੁਰੂ ਤੋ ਧੰਨ ਧੰਨ ਬਾਬਾ ਜੀਵਨ ਸਿੰਘ ਸਰਭ ਸਾਝੀ ਸੇਵਾ ਸੋਸਾਇਟੀ ਦੇ ਮੁਖੀ ਭਾਈ ਮਨਜੀਤ ਸਿੰਘ ਵਲੋ ਬਾਬਾ ਮੇਜਰ ਸਿੰਘ ਸੋਫੀ ਦੀ ਦੇਖ ਰੇਖ ਹੇਠ ਭਾਈ ਮਨਜੀਤ ਸਿੰਘ ਜੀ ਨੇ ਵੱਖ ਵੱਖ ਪਿੰਡਾ ਦਾ ਦੋਰਾ ਕੀਤਾ ਗਿਆ ਉਨ੍ਹਾਂ ਸਬ ਤੋ ਪਹਿਲਾਂ ਪਿੰਡ ਗਹਿਰੀ ਮੰਡੀ ਵਿਖੇ ਭੈਣ ਜੀ ਰਾਣੀ ਕੋਰ ਦੇ ਗ੍ਰਿਹ ਵਿਖੇ ਗਰੀਬ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ ਤੇ ਜਿਨ੍ਹਾਂ ਲੋਕਾਂ ਦੇ ਬਾਰਸ਼ ਕਾਰਨ ਕੋਠੇ ਡਿੱਗੇ ਉਨ੍ਹਾਂ ਨੂੰ ਮੁਢਲੀ ਸਹਾਇਤਾ ਦਿੱਤੀ ਤੇ ਵਿਧਵਾ ਔਰਤਾਂ ਨੂੰ ਵੀ ਮੋਕੇ ਦੇ ਮਾਇਆ ਦੇ ਗੱਫੇ ਵੀ ਦਿੱਤਾ ਤਾਂ ਜੋ ਮੀਹ ਕਾਰਨ ਲੋਕਾਂ ਦਾ ਕਾਰੋਬਾਰ ਬੰਦ ਹੋਇਆ ਸੀ ਤੇ ਲੋਕਾਂ ਦੇ ਘਰਾਂ ਦਾ ਗੁਜਾਰਾ ਬਹੁਤ ਮੁਸ਼ਕਲ ਚਲ ਰਿਹਾ ਏ ਜਦੋਂ ਭਾਈ ਮਨਜੀਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕੀਤੀ ਤਾਂ ਉਹਨਾਂ ਦੱਸਿਆ ਕੀ ਮੈ ਇਕ ਗਰੀਬ ਪ੍ਰਵਾਰ ਵਿੱਚ ਹਾਂ ਤੇ ਮੈ ਆਪਣੀ ਨੇਕ ਕਮਾਈ ਵਿਚੋਂ ਗਰੀਬ ਪ੍ਰਵਾਰਾਂ ਦੀ ਮੱਦਦ ਕਰਨ ਲਈ ਤਿਆਰ ਬਰ ਤਿਆਰ ਹਾਂ ਅਸੀਂ ਆਪਣੇ ਹਲਕੇ ਵਿੱਚ ਲੋਕਾਂ ਨੂੰ ਕਰੋਬਾਰ ਖੋਲ ਕੇ ਗਰੀਬ ਪ੍ਰਵਾਰਾਂ ਨੂੰ ਰੁਜਗਾਰ ਦੇਵਾਂਗੇ ਤਾਂ ਜੋ ਗਰੀਬ ਪ੍ਰਵਾਰ ਦੀਆਂ ਧੀਆਂ ਭੈਣਾਂ ਨੂੰ ਆਪਣਾ ਕਰੋਬਾਰ ਕਰਕੇ ਆਪਣੇ ਘਰ ਦਾ ਗੁਜਰਾਂ ਕਰ ਸਕਣ ਉਨ੍ਹਾਂ ਇਹ ਵੀ ਵਿਸ਼ਵਾਸ ਦਿਵਾਇਆ ਕਿ ਮੈ ਆਪਣੇ ਹਲਕੇ ਜੰਡਿਆਲਾ ਗੁਰੂ ਦੇ ਲੋਕਾਂ ਨਾਲ ਜੋ ਵਾਅਦਾ ਕਰਾਗਾਂ ਉਸ ਨੂੰ ਮੈ ਪੂਰਾ ਕਾਰਗਾ ਉਨ੍ਹਾਂ ਨਾਲ ਹਰਵਿੰਦਰ ਸਿੰਘ ਫੋਜੀ ਹਰਜੀਤ ਸਿੰਘ ਸਾਬਕਾ ਸਰਪੰਚ ਵਡਾਲਾ ਜਹੋਲ ਭੈਣ ਜੀ ਗਗਨ ਕੋਮਲ ਤੇ ਬਲਜੀਤ ਕੌਰ ਕਵਲ ਮਹਿਤਾ ਸਤਨਾਮ ਸਿੰਘ ਸ਼ੇਰਾਂ ਸਿੰਘ ਬੱਬੀ ਗਹਿਰੀ ਮੰਡੀ ਬੀਬੀ ਕੁਲਵੰਤ ਕੌਰ ਗੁਰਮੀਤ ਕੌਰ ਸੁਖਵਿੰਦਰ ਕੌਰ ਆਦਿ ਹਾਜਰ ਸਨ ।

## ਸੱਪ ਦੇ ਡੰਗਣ ਅਤੇ ਕੁੱਤੇ ਦੇ ਕੱਟਣ ਉਤੇ ਲਾਪਰਵਾਹੀ ਨਾ ਵਰਤੋ, ਜਲਦੀ ਤੋਂ ਜਲਦੀ ਹਸਪਤਾਲ ਵਿੱਚ ਪਹੁੰਚੋ

☛ ਦੋਵਾਂ ਕੇਸਾਂ ਵਿੱਚ ਇਲਾਜ ਸਰਕਾਰੀ ਹਸਪਤਾਲਾਂ ਵਿੱਚ ਮੁਫ਼ਤ ਉਪਲਬਧ ਹੈ : ਸਿਵਲ ਸਰਜਨ ਡਾ. ਸੰਜੇ ਕਾਮਰਾ

**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਸਿਹਤ ਵਿਭਾਗ, ਸੰਗਰੂਰ ਵੱਲੋਂ ਹੜ੍ਹਾਂ ਅਤੇ ਬਰਸਾਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਸੱਪਾਂ ਦੇ ਡੰਗ ਅਤੇ ਕੁੱਤੇ ਦੇ ਕੱਟਣ ਤੋਂ ਬਚਾਅ ਅਤੇ ਇਲਾਜ ਸਬੰਧੀ ਸਲਾਹ ਜਾਰੀ ਕੀਤੀ ਗਈ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਸੰਗਰੂਰ ਡਾ. ਸੰਜੇ ਕਾਮਰਾ ਨੇ ਦੱਸਿਆ ਕਿ ਹੜ੍ਹਾਂ ਅਤੇ ਬਰਸਾਤਾਂ ਦਾ ਮੌਸਮ ਹੋਣ ਕਾਰਨ ਸੱਪਾਂ ਦਾ ਖੁੱਡਾਂ ਵਿੱਚੋਂ ਨਿਕਲ ਕੇ ਬਾਹਰ ਆਉਣਾ ਆਮ ਗੱਲ ਹੈ, ਜਿਸ ਕਾਰਨ ਇਸ ਮੌਸਮ ਵਿੱਚ ਸੱਪ ਦੇ ਡੰਗ ਦੇ ਕੇਸ ਵੱਧ ਜਾਂਦੇ ਹਨ। ਉਹਨਾਂ ਕਿਹਾ ਕਿ ਸੱਪ ਦੇ ਡੰਗ ਤੋਂ ਬਚਾਅ ਲਈ ਹੜ੍ਹਾਂ ਦੇ ਪਾਣੀ ਵਿੱਚ ਜਾਣ ਤੋਂ ਗੁਰੇਜ਼ ਕੀਤਾ ਜਾਵੇ। ਹੜ੍ਹਾਂ ਦੇ ਪਾਣੀ, ਖੇਤਾਂ, ਜੰਗਲਾਂ ਅਤੇ ਘਾਹ ਵਾਲੀਆਂ ਥਾਵਾਂ ਅਤੇ ਬਾਹਰ ਜਾਣ ਵੇਲੇ ਬੰਦ ਜੁੱਤੀਆਂ, ਲੰਬੇ ਬੂਟ ਪਾਏ ਜਾਣ। ਉਹਨਾਂ ਕਿਹਾ ਕਿ ਜੇਕਰ ਸੱਪ ਡੰਗ ਜਾਵੇ ਤਾਂ ਤੁਰੰਤ ਮੁੱਢਲੀ ਸਹਾਇਤਾ ਦਿੱਤੀ ਜਾਵੇ। ਡੰਗ ਵਾਲੀ ਥਾਂ ਨੂੰ ਨਾ ਹੀ ਕੱਟਿਆ ਜਾਵੇ, ਨਾ ਹੀ ਕਿਸੇ ਰੱਸੀ ਨਾਲ ਬਨ੍ਹਿਆ ਜਾਵੇ ਤੇ ਨਾ ਹੀ ਮੂੰਹ ਨਾਲ ਜ਼ਿਹਰ ਬਾਹਰ ਕੱਢਣ ਦੀ ਕੋਸ਼ਿਸ਼ ਕੀਤੀ ਜਾਵੇ। ਜਖਮ ਨੂੰ ਚਲਦੇ ਪਾਣੀ ਵਿੱਚ ਸਾਬਣ ਨਾਲ ਧੋਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਡਾਕਟਰੀ ਸਲਾਹ ਤੋਂ ਬਗੈਰ ਕਿਸੇ ਕਿਸਮ ਦੀ ਦਵਾਈ ਦੀ ਵਰਤੋਂ ਨਾ ਕੀਤੀ ਜਾਵੇ। ਸੱਪ ਦੇ ਡੰਗ ਮਾਰਨ ਉਤੇ ਘਬਰਾਉਣ ਦੀ ਲੋੜ ਨਹੀਂ, ਬਲਕਿ ਮਰੀਜ਼ ਨੂੰ ਤੁਰੰਤ ਸਰਕਾਰੀ ਹਸਪਤਾਲ ਵਿੱਚ ਪਹੁੰਚਾਇਆ ਜਾਵੇ। ਇਸ ਸਮੇਂ ਐਂਬੂਲੈਂਸ ਲਈ ਹੈਲਪਲਾਈਨ ਨੰਬਰ 104 ਉਤੇ ਸੰਪਰਕ ਕੀਤਾ ਜਾ ਸਕਦਾ ਹੈ। ਇਸ ਦਾ ਇਲਾਜ ਸਰਕਾਰੀ ਹਸਪਤਾਲਾਂ ਵਿੱਚ ਮੁਫ਼ਤ ਉਪਲੱਬਧ ਹੈ। ਇਸ ਤੋਂ ਇਲਾਵਾ ਉਹਨਾਂ ਕਿਹਾ ਕਿ ਜੇਕਰ ਕੁੱਤਾ ਕੱਟ ਜਾਵੇ ਤਾਂ ਬਿਨ੍ਹਾਂ ਕਿਸੇ ਦੇਰੀ ਮਰੀਜ਼ ਨੂੰ ਹਸਪਤਾਲ ਵਿੱਚ ਲਿਆਂਦਾ ਜਾਵੇ। ਕਿਉਂਕਿ ਕੁੱਤੇ ਦੇ ਕੱਟੇ ਨਾਲ ਹਲਕਾਅ ਹੋ ਸਕਦਾ ਹੈ। ਜੇਕਰ ਕੁੱਤਾ ਕੱਟ ਜਾਵੇ ਤਾਂ ਜਖਮ ਨੂੰ ਚਲਦੇ ਪਾਣੀ ਵਿੱਚ ਦੇਸੀ ਸਾਬਣ ਨਾਲ 15 ਮਿੰਟ ਧੋਣਾ ਚਾਹੀਦਾ ਹੈ। ਸਾਰੇ ਸਰਕਾਰੀ ਹਸਪਤਾਲਾਂ ਵਿੱਚ ਐਂਟੀ ਰੇਬੀਜ਼ ਵੈਕਸੀਨ ਅਤੇ ਸੀਰਮ ਦਾ ਪ੍ਰਬੰਧ ਹੈ। ਜ਼ਿਲ੍ਹਾ ਸੰਗਰੂਰ ਦੇ ਆਮ ਆਦਮੀ ਕਲੀਨਿਕਾਂ ਵਿੱਚ ਵੀ ਐਂਟੀ ਰੇਬੀਜ਼ ਵੈਕਸੀਨ ਉਪਲੱਬਧ ਹੈ। ਉਹਨਾਂ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਰਾਤ ਨੂੰ ਬਾਹਰ ਜਾਣ ਵੇਲੇ ਸੋਟੀ ਕੋਲ ਰੱਖੀ ਜਾਵੇ, ਹਮੇਸ਼ਾਂ ਟਾਰਚ ਜਾਂ ਮੋਬਾਈਲ ਦੀ ਲਾਈਟ ਦੀ ਵਰਤੋਂ ਕੀਤੀ ਜਾਵੇ। ਫਰਸ਼ ਤੇ ਸੌਣ ਤੋਂ ਗੁਰੇਜ਼ ਕੀਤਾ ਜਾਵੇ। ਘਰ ਦੇ ਆਲੇ ਦੁਆਲੇ ਨੂੰ ਸਾਫ ਸੁਥਰਾ ਰੱਖਿਆ ਜਾਵੇ। ਘਰਾਂ ਦੇ ਨੇੜੇ ਘਾਹ, ਬਾੜੀਆਂ ਨੂੰ ਸਮੇਂ-ਸਮੇਂ ਉਤੇ ਕੱਟਿਆ ਜਾਵੇ।

## ਕਰਨੈਲ ਸਿੰਘ ਪੀਰ ਮੁਹੰਮਦ ਨੇ ਕੁਦਰਤੀ ਆ.ਫਤ ਪ੍ਰਬੰਧਨ ਹੇਠ ਦਿੱਤੇ ਜਾਣ ਵਾਲੇ ਫੰਡ ਨੂੰ ਤੁਰੰਤ ਰਿਲੀਜ਼ ਕਰਨ ਦੀ ਮੰਗ, ਹੜ੍ਹਾ ਦੇ ਸਬੰਧ ਵਿੱਚ ਸਰਵ ਪਾਰਟੀ ਮੀਟਿੰਗ ਹੋਣੀ ਬੇਹੱਦ ਜਰੂਰੀ



**ਚੰਡੀਗੜ੍ਹ, 8 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਸਰਦਾਰ ਕਰਨੈਲ ਸਿੰਘ ਪੀਰਮੁਹੰਮਦ ਕਿਹਾ ਹੈ ਕਿ ਪੰਜਾਬ ਨੂੰ ਬੇਗਾਨਗੀ ਦੀ ਨਜ਼ਰ ਨਾਲ ਨਾ ਵੇਖਿਆ ਜਾਵੇ। ਕੇਂਦਰ ਸਰਕਾਰ ਨੂੰ ਅਪੀਲ ਕਰਦੇ ਹੋਏ ਓਹਨਾ ਕਿਹਾ ਕਿ ਅੱਜ ਪੰਜਾਬ ਹੜ੍ਹ ਤੋ ਪ੍ਰਭਾਵਿਤ ਹੋ ਕੇ ਗਹਿਰੇ ਸੰਕਟ ਵਿੱਚੋ ਗੁਜਰ ਰਿਹਾ ਹੈ। ਇਸ ਸੰਕਟ ਵਿੱਚੋ ਪੰਜਾਬ ਨੂੰ ਕੱਢਣ ਲਈ ਕੇਂਦਰ ਸਰਕਾਰ ਤੁਰੰਤ ਹੜ ਪ੍ਰਭਾਵਿਤ ਇਲਾਕਿਆਂ ਲਈ ਬਿਨਾ ਦੇਰੀ ਕੀਤੇ ਵਿੱਤੀ ਮੱਦਦ ਦਾ ਐਲਾਨ ਕਰੇ। ਕਰਨੈਲ ਸਿੰਘ ਪੀਰ ਮੁਹੰਮਦ ਨੇ ਕਿਹਾ ਕਿ ਹੜ੍ਹਾਂ ਦੀ ਮਾਰ ਨੇ ਆਰਥਿਕ ਤੌਰ ਤੇ ਵੱਡੀ ਸੱਟ ਮਾਰੀ ਹੈ। ਇਸ ਲਈ ਮੁੱਖ ਮੰਤਰੀ ਪੰਜਾਬ ਨਾਟਕੀ ਅੰਦਾਜ ਦੀ ਬਜਾਏ ਸੁਹਿਰਦਤਾ ਦਿਖਾਉਣ । ਉਹਨਾ ਨੇ ਕਿਹਾ ਕਿ ਮੰਚ ਤੋਂ ਸਿਰਫ ਮੁਆਵਜੇ ਦੇ ਐਲਾਨ ਕਰਨ ਨਾਲ ਕੁੱਝ ਨਹੀਂ ਬਣਨਾ, ਯਕੀਨੀ ਬਣਾਇਆ ਜਾਵੇ ਕਿ ਇਹਨਾਂ ਪ੍ਰਭਾਵਿਤ ਇਲਾਕਿਆਂ ਵਿੱਚ ਹੋਏ ਮਾਲੀ ਨੁਕਸਾਨ ਦੀ ਭਰਪਾਈ ਪੂਰੇ ਰੂਪ ਵਿੱਚ ਹੋਵੇ। ਕਰਨੈਲ ਸਿੰਘ ਪੀਰ ਮੁਹੰਮਦ ਨੇ ਕਿਹਾ ਕਿ ਹੜ੍ਹਾਂ ਦੀ ਮਾਰ ਹਰ ਸਾਲ ਦੀ ਤਰਾਂ ਝੱਲਣੀ ਪੈਂਦੀ ਹੈ। ਪਿਛਲੇ ਤਿੰਨ ਦਹਾਕਿਆਂ ਤੋ ਵੱਡਾ ਨੁਕਸਾਨ ਹੜ੍ਹਾਂ ਦੇ ਚਲਦੇ ਹੋ ਚੁੱਕਾ ਹੈ। ਇਹਨਾਂ ਤਿੰਨ ਦਹਾਕਿਆਂ ਦੌਰਾਨ ਕਿਸੇ ਵੀ ਸਰਕਾਰ ਨੇ ਅਜਿਹੀ ਸਥਿਤੀ ਨਾਲ ਨਜਿੱਠਣ ਲਈ ਠੋਸ ਕਦਮ ਨਹੀਂ ਉਠਾਏ। ਕੰਢੀ ਖੇਤਰ ਤੋਂ ਲੈਕੇ ਦਰਿਆ ਨਾਲ ਲੱਗਦੇ ਇਲਾਕੇ ਅਤੇ ਸਰਹੱਦੀ ਇਲਾਕਿਆਂ ਦੇ ਹੁੰਦੇ ਨੁਕਸਾਨ ਲਈ ਸਰਕਾਰਾਂ ਨੇ ਅੱਖਾਂ ਬੰਦ ਰੱਖੀਆਂ। ਪੀਰ ਮੁਹੰਮਦ ਨੇ ਕਿਹਾ ਕਿ ਪੰਜਾਬ ਦੇ ਇਸ ਨਾਜ਼ੁਕ ਸਥਿਤੀ ਨੂੰ ਵੇਖਦੇ ਹੋਏ ਸਾਰਿਆ ਨੂੰ ਆਮ ਜੀਵਨ ਲਈ ਜਰੂਰੀ ਵਸਤਾਂ ਦੇ ਸੇਵਾ ਦੇ ਨਾਲ ਨਾਲ ਪਸ਼ੂ ਧਨ ਲਈ ਚਾਰੇ ਦਾ ਪ੍ਰਬੰਧ ਕਰਨ ਲਈ ਟੀਮਾਂ ਦੇ ਰੂਪ ਵਿੱਚ ਜੁਟ ਜਾਣ ਦੀ ਬੇਹੱਦ ਲੋੜ ਹੈ।

ਗੁਰਦੁਆਰਾ ਬੰਗਲਾ ਸਾਹਿਬ ਚਾਂਦਨੀ ਚੌਕ ਦਿੱਲੀ ਵਿਖੇ

# ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਲੜੀਵਾਰ ਗੁਰਬਾਣੀ ਕਥਾ ਵਿਆਖਿਆ ਦੀ ਹਾਜ਼ਰੀ ਭਰੀ










ਗੁਰਦੁਆਰਾ ਬੰਗਲਾ ਸਾਹਿਬ ਚਾਂਦਨੀ ਚੌਕ ਦਿੱਲੀ ਵਿਖੇ ਲੜੀਵਾਰ ਗੁਰਬਾਣੀ ਕਥਾ ਵਿਆਖਿਆ ਦੀ ਹਾਜ਼ਰੀ ਭਰਦੇ ਹੋਏ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ, ਹਾਜ਼ਰ ਸਿੱਖ ਸੰਗਤਾਂ। (ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਅੱਜ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਜੀ ਨੇ

# ਪੰਜਾਬ ਨੂੰ ਇਨ੍ਹਾਂ ਹਾਲਾਤਾਂ 'ਚੋਂ ਕੱਢਣ ਬਾਰੇ ਵਿਚਾਰ ਵਟਾਂਦਰੇ ਕੀਤੇ



**ਚੰਡੀਗੜ੍ਹ, 8 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਅੱਜ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਜੀ ਨੇ ਸੀਨੀਅਰ ਅਕਾਲੀ ਆਗੂ ਸ. ਰਵੀਇੰਦਰ ਸਿੰਘ (ਸਾਬਕਾ ਸਪੀਕਰ ਪੰਜਾਬ ਵਿਧਾਨ ਸਭਾ), ਸ. ਮਨਜੀਤ ਸਿੰਘ ਖਹਿਰਾ ਸੀਨੀਅਰ ਐਡਵੋਕੇਟ ਹਾਈਕੋਰਟ, ਸ. ਤਜਿੰਦਰ ਸਿੰਘ ਪੰਨੂੰ ਅਤੇ ਜਥੇਦਾਰ ਹਰਦੀਪ ਸਿੰਘ ਜੀ ਨਾਲ ਮੁਲਾਕਾਤ ਕੀਤੀ।ਇਸ ਮੌਕੇ ਪੰਜਾਬ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਦੇ ਮੌਜੂਦਾ ਹਾਲਤਾਂ ਬਾਰੇ ਵਿਚਾਰਾਂ ਸਾਂਝੀਆਂ ਹੋਈਆਂ।ਪੰਜਾਬ ਨੂੰ ਇਹਨਾਂ ਹਾਲਾਤਾਂ 'ਚੋਂ ਕੱਢਣ ਲਈ ਉਥੇ ਲੋੜੀਂਦੇ ਸਹਿਯੋਗ, ਰਾਹਤ ਵਸਤਾਂ ਤੇ ਫੰਡਾਂ ਦੀ ਵੰਡ ਬਾਰੇ ਵਿਚਾਰ ਵਟਾਂਦਰੇ ਹੋਏ।

### ਹੜ ਪ੍ਰਭਾਵਿਤ ਇਲਾਕਿਆਂ ਵਿੱਚ ਯੋਗਦਾਨ ਪਾ ਰਹੇ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਅਤੇ

# ਡੀਸੀ ਅੰਮ੍ਰਿਤਸਰ ਸਾਕਸ਼ੀ ਸਾਹਨੀ ਦਾ ਤਹਿ ਦਿਲੋਂ ਧੰਨਵਾਦ: ਜਥੇਦਾਰ ਨਛੱਤਰ ਸਿੰਘ ਜੀ ਭੈਣੀ ਮੱਸਾ ਸਿੰਘ ਪ੍ਰਧਾਨ ਅਸਟਰੀਆ ਯੂਰਪ







(**ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ**)-ਪੰਜਾਬ ਵਿੱਚ ਕੁਦਰਤੀ ਹੜਾਂ ਦੀ ਆਫਤ ਆਉਣ ਕਾਰਨ ਬਹੁਤ ਸਾਰੇ ਕਿਸਾਨਾਂ ਦੀ ਪਾਣੀ ਵਿੱਚ 4 ਲੱਖ ਏਕੜ ਤੋਂ ਵੱਧ ਫਸਲਾਂ ਖਤਮ ਹੋਰ ਚੁੱਕੀਆਂ ਹਨ।ਵੱਡੇ ਪੱਧਰ ਤੇ ਮਾਲ ਡੰਗਰ ਅਤੇ ਮਕਾਨਾਂ ਦਾ ਨੁਕਸਾਨ ਹੋ ਚੁੱਕਾ ਹੈ। ਹੜਾਂ ਦੌਰਾਨ ਜਿੱਥੇ ਵੱਖ-ਵੱਖ ਜਥੇਬੰਦੀਆਂ ਸੇਵਾ ਸੋਸਾਇਟੀਆਂ ਅਤੇ ਪੰਜਾਬ ਦੇ ਨੌਜਵਾਨ ਦਿਨ ਰਾਤ ਇੱਕ ਜੁੱਟ ਹੋ ਕੇ ਸੇਵਾ ਕਰ ਰਹੇ ਹਨ ਉੱਥੇ ਹੀ ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਅਣਥੱਕ ਤੇ ਬੜੀ ਦੂਰ ਅੰਦੇਸ਼ੀ ਨਾਲ ਲੰਮੀਆਂ ਸੇਵਾਵਾਂ ਨਿਭਾਈਆਂ ਜਾ ਰਹੀਆਂ ਹਨ।ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਵੱਲੋਂ ਵੱਖ ਵੱਖ ਇਲਾਕਿਆਂ ਚ ਫਿਰੋਜਪੁਰ ਗੁਰਦਾਸਪੁਰ ਤੇ ਤਰਨਤਾਰਨ ਵਿਖੇ ਮੈਡੀਕਲ ਕੈਂਪ, ਗੁਰੂ ਕਾ ਲੰਗਰ, ਪਸ਼ੂਆਂ ਦੀ ਚਾਰਾ ਫੀਡ ਅਤੇ ਹੋਰ ਜਰੂਰੀ ਵਸਤਾਂ ਦਿੱਤੀਆਂ ਜਾ ਰਹੀਆਂ ਹਨ। ਜਿਸ ਤਰ੍ਹਾਂ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲੇ ਕਾਰਜ ਕਰੀ ਪ੍ਰਧਾਨ, ਬਾਬਾ ਸਤਨਾਮ ਸਿੰਘ ਜੀ ਵੱਲੀਆਂ ਪੰਜਾਬ ਪ੍ਰਧਾਨ ਧਾਰਮਿਕ ਵਿੰਗ ,ਭਾਈ ਦਲੀਪ ਸਿੰਘ ਜੀ ਚੱਕਰ ਆਲ ਇੰਡੀਆ ਕਨਵੀਨਰ, ਭਾਈ ਕਿਰਪਾ ਸਿੰਘ ਜੀ ਨੱਥੂਵਾਲਾ ਪੰਜਾਬ ਪ੍ਰਧਾਨ ਕਿਸਾਨ ਵਿੰਗ, ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਮੁੱਖ ਸਲਾਹਕਾਰ, ਭਾਈ ਰਜਿੰਦਰ ਸਿੰਘ ਜੀ ਰਾਜਾ ਜਿਲਾ ਪ੍ਰਧਾਨ ਗੁਰਦਾਸਪੁਰ ਇਹਨਾਂ ਦੀ ਟੀਮ ਵੱਲੋਂ ਵੱਖ ਵੱਖ ਥਾਵਾਂ ਤੇ ਅਨਥੱਕ ਸੇਵਾਵਾਂ ਨਿਭਾਈਆਂ ਜਾ ਰਹੀਆਂ ਹਨ ਇਹਨਾਂ ਸਾਰਿਆਂ ਦਾ ਇੰਟਰਨੈਸ਼ਨਲ ਪੰਥਕ ਦਲ ਦੇ ਅਸਟਰੀਆ ਯੂਰਪ ਦੇ ਪ੍ਰਧਾਨ ਬਾਬਾ ਨਛੱਤਰ ਸਿੰਘ ਜੀ ਭੈਣੀ ਮੱਸਾ ਸਿੰਘ ਵਾਲਿਆਂ ਵੱਲੋਂ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਧੰਨਵਾਦ ਤੇ ਅਸੀਂ ਅਸਟਰੀਆ ਇਕਾਈ ਅਤੇ ਸਮੂਹ ਸੰਗਤਾਂ ਵੱਲੋਂ ਵਿਸ਼ਵਾਸ ਦਿਵਾਉਂਦੇ ਹਾਂ ਕਿ ਸਾਡੇ ਵੱਲੋਂ ਵੱਧ ਤੋਂ ਵੱਧ ਸਹਿਯੋਗ ਦਿੱਤਾ ਜਾਵੇਗਾ।ਉਥੇ ਹੀ ਅੰਮ੍ਰਿਤਸਰ ਦੇ ਡੀਸੀ ਸਾਕਸ਼ੀ ਸਾਹਨੀ ਵੱਲੋਂ ਬੜੀ ਬਾਖੂਬੀ ਨਾਲ ਡਿਊਟੀ ਤੋਂ ਵੱਧ ਕੰਮ ਕੀਤਾ ਜਾ ਰਿਹਾ ਹੈ ਸਤਿਗੁਰ ਅੱਗੇ ਇਹਨਾਂ ਦੀ ਚੜਦੀ ਕਲਾ ਦੀ ਅਰਦਾਸ ਹੈ।ਪਾਣੀ ਉਤਰਨ ਤੋਂ ਬਾਅਦ ਕਣਕ ਬੀਜ ਦੀ ਬਜਾਈ ਵਾਸਤੇ ਡੀਜਰ, ਡਾਈ ਖਾਦਾ ਯੂਰੀਆ ਤੋਂ ਇਲਾਵਾ ਮਕਾਨ ਦੀ ਮੁਰੰਮਤ ਕਰਨਾ ਅਨੇਕਾਂ ਹੀ ਪਿੰਡਾਂ ਨੂੰ ਗੋਦ ਲਿਆ ਜਾ ਰਿਹਾ ਹੈ ਇਸ ਵਾਸਤੇ ਜਥੇਦਾਰ ਬਾਬਾ ਨਛੱਤਰ ਸਿੰਘ ਜੀ ਭੈਣੀ ਮੱਸਾ ਸਿੰਘ ਵਾਲਿਆਂ ਵੱਲੋਂ ਸਿੰਘ ਸਾਹਿਬ ਜੀ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਉਹਨਾਂ ਵੱਲੋਂ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਂਘਾ ਕੀਤੀ। ਗੁਰੂ ਸਾਹਿਬ ਜੀ ਇਹਨਾਂ ਨੂੰ ਸਿੱਖ ਕੌਮ ਦੀ ਸੇਵਾ ਕਰਨ ਦਾ ਬਲ ਉਦਮ ਬਖਸ਼ਣ। ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਪੰਜਾਬ ਦੇ ਹੜ ਪੀੜਤਾਂ ਵਾਸਤੇ ਸਪੈਸ਼ਲ ਪੈਕੇਜ ਦੇਣ ਦੀ ਮੰਗ ਕਿਸਾਨ ਤੇ ਮਜ਼ਦੂਰਾਂ ਲਈ ਕੀਤੀ ਗਈ ਜੋ ਉਹਨਾਂ ਦਾ ਬਣਦਾ ਹੱਕ ਦਿੱਤਾ ਜਾਵੇ।

# ਇੰਟਰਨੈਸ਼ਨਲ ਪੰਥਕ ਦਲ ਜਿਲਾ ਤਰਨ ਤਾਰਨ ਕਿਸਾਨ ਬਚਾਉ ਮੋਰਚੇ ਦੇ ਪ੍ਰਧਾਨ ਭਾਈ ਕਾਰਜ ਸਿੰਘ ਡਲੀਰੀ ਨੂੰ ਗਹਿਰਾ ਸਦਮਾ ਪਿਤਾ ਦਾ ਦੇਹਾਂਤ

**ਤਰਨਤਾਰਨ (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ)**-ਇੰਟਰਨੈਸ਼ਨਲ ਪੰਥਕ ਦਲ ਜ਼ਿਲਾ ਤਰਨ ਤਾਰਨ ਤੋਂ ਕਿਸਾਨ ਬਚਾਓ ਮੋਰਚੇ ਦੇ ਪ੍ਰਧਾਨ ਭਾਈ ਕਾਰਜ ਸਿੰਘ ਡਲੀਰੀ ਦੇ ਸਤਿਕਾਰਯੋਗ ਪਿਤਾ ਸ੍ਰ ਗੁਰਮੁੱਖ ਸਿੰਘ ਜੀ ਨੂੰ ਅਕਾਲ ਪੁਰਖ ਵੱਲੋਂ ਬਖਸ਼ੀ ਪੂੰਜੀ ਨੂੰ ਭੋਗਦੇ ਹੋਏ ਅਕਾਲ ਚਲਾਨਾ ਕਰ ਗਏ ਹਨ। ਜਥੇਬੰਦੀ ਦੇ ਮੁੱਖ ਸਲਾਹਕਾਰ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਅਤੇ ਭਾਈ ਗੁਰਭੇਜ ਸਿੰਘ ਜੀ ਜਿਲਾ ਪ੍ਰਧਾਨ ਤਰਨ ਤਾਰਨ ਵਾਲਿਆਂ ਵੱਲੋਂ ਸ੍ਰ ਗੁਰਮੁਖ ਸਿੰਘ ਜੀ ਦੇ ਅੰਤਿਮ ਸੰਸਕਾਰ ਦੇ ਪਹੁੰਚ ਕੇ ਹਾਜ਼ਰੀ ਭਰੀ ਅਤੇ ਪਰਿਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ।ਬਾਬਾ ਸੱਜਣ ਸਿੰਘ ਜੀ ਨੇ ਦੱਸਿਆ ਕਿ ਗੁਰਮੁਖ ਸਿੰਘ ਇੱਕ ਅੰਮ੍ਰਿਤਧਾਰੀ ਨਿਤਨੇਮੀ ਵਿੱਚ ਪਰਪੱਕ ਸਿੰਘ ਸਨ ਉਹਨਾਂ ਨੇ ਆਪਣਾ ਸਾਰਾ ਜੀਵਨ ਗੁਰੂ ਦੇ ਲੇਖੇ ਲਾ ਕੇ ਬਤੀਤ ਕੀਤਾ। ਉਹਨਾਂ ਦੇ ਅਕਾਲ ਚਲਾਣੇ ਨਾਲ ਬਹੁਤ ਹੀ ਗਹਿਰਾ ਸਦਮਾ ਲੱਗਾ ਹੈ। ਅਰਦਾਸ ਕਰਦੇ ਹਾਂ ਗੁਰੂ ਸਾਹਿਬ ਜੀ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ।



# ਸੁਖਦੇਵ ਸਿੰਘ ਢੀਂਡਸਾ ਜੀ ਦੀ ਯਾਦ ਵਿੱਚ ਸੱਤ ਘਰ ਬਣਵਾ ਕੇ ਦੇਣ ਦਾ ਕੀਤਾ ਫ਼ੈਸਲਾ : ਪਰਮਿੰਦਰ ਸਿੰਘ ਢੀਂਡਸਾ



**ਚੰਡੀਗੜ੍ਹ, 8 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਸਾਬਕਾ ਖਜ਼ਾਨਾ ਮੰਤਰੀ ਪਰਮਿੰਦਰ ਸਿੰਘ ਢੀਂਡਸਾ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਦੁਨੀਆਂ ਭਰ ਵਿੱਚ ਬੈਠੇ ਪੰਜਾਬੀਆਂ ਨੇ ਹੜ੍ਹ ਪੀੜਤਾਂ ਦੀ ਮੱਦਦ ਦਿਲ ਖੋਲ੍ਹ ਕੇ ਕੀਤੀ ਹੈ। ਪੰਜਾਬੀ ਕਲਾਕਾਰਾਂ, ਖਿਡਾਰੀਆਂ ਅਤੇ ਹਰੇਕ ਵਰਗ ਦੇ ਲੋਕਾਂ ਨੇ ਆਪਣਾ ਭਰਵਾਂ ਯੋਗਦਾਨ ਪਾਇਆ ਹੈ। ਉਹਨਾਂ ਕਿਹਾ ਕਿ ਅਸੀਂ ਆਪਣੀ ਅਮਾਨਤ ਫਾਉਂਡੇਸ਼ਨ ਵੱਲੋਂ ਹਲਕਾ ਲਹਿਰਾ ਦੇ ਕਈ ਪਿੰਡਾਂ ਵਿੱਚ ਡੀਜ਼ਲ ਅਤੇ ਹੋਰ ਸਮਾਨ ਦੀ ਮੱਦਦ ਕਰ ਰਹੇ ਹਾਂ।ਉਹਨਾਂ ਨੇ ਆਪਣੇ ਪਿਤਾ ਸਰਦਾਰ ਸੁਖਦੇਵ ਸਿੰਘ ਢੀਂਡਸਾ ਜੀ ਦੀ ਯਾਦ ਵਿੱਚ ਆਪਣੇ ਪਰਿਵਾਰ ਵੱਲੋਂ ਸੱਤ ਘਰ ਬਣਵਾ ਕੇ ਦੇਣ ਦਾ ਕੀਤਾ ਫ਼ੈਸਲਾ। ਉਹਨਾਂ ਇਹ ਵੀ ਕਿਹਾ ਕਿ ਪ੍ਰਧਾਨ ਮੰਤਰੀ ਜੀ ਦਾ ਦੌਰਾ ਬਹੁਤ ਦੇਰੀ ਨਾਲ ਕੀਤਾ ਜਾ ਰਿਹਾ ਹੈ। ਜਦੋਂ ਕਿ ਉਹਨਾਂ ਨੂੰ ਪੰਜਾਬ ਦੀ ਸਾਰ ਪਹਿਲਾਂ ਲੈਣੀ ਚਾਹੀਦੀ ਸੀ। ਉਹਨਾਂ ਨੂੰ ਅਫ਼ਗਾਨਿਸਤਾਨ ਦੇ ਭੂਚਾਲ ਪੀੜਤਾਂ ਦਾ ਤਾਂ ਫ਼ਿਕਰ ਸੀ ਪਰ ਪੰਜਾਬ ਦੇ ਲੋਕਾਂ ਦਾ ਨਹੀਂ ਸੀ। ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਜੀ ਦੁਆਰਾ ਲਿਖੀ ਚਿੱਠੀ ਉਪਰੰਤ ਹੀ ਉਹਨਾਂ ਦਾ ਧਿਆਨ ਪੰਜਾਬ ਵੱਲ ਮੁੜਿਆ ਹੈ। ਪ੍ਰਧਾਨ ਮੰਤਰੀ ਪੰਜਾਬ ਨੂੰ ਫੌਰੀ ਰਾਹਤ ਦੇਣ ਦਾ ਐਲਾਨ ਕਰਨ। ਪੰਜਾਬ ਸਰਕਾਰ ਦੁਆਰਾ ਡਰੇਨਾਂ, ਦਰਿਆਵਾਂ ਆਦਿ ਦੀ ਸਫ਼ਾਈ ਅਤੇ ਬੰਨ੍ਹ ਪੱਕੇ ਕਰਨ ਵਿੱਚ ਬਹੁਤ ਵੱਡਾ ਘਪਲਾ ਸਾਹਮਣੇ ਆਇਆ ਹੈ। ਹਲਕਾ ਲਹਿਰਾ ਵਿੱਚ ਸਬੰਧਿਤ ਵਿਭਾਗ ਦੇ ਮੰਤਰੀ ਨੇ ਆਪਣੇ ਚਹੇਤੇ ਅਤੇ ਨੇੜਲੇ ਰਿਸ਼ਤੇਦਾਰਾਂ ਨੂੰ ਸਫ਼ਾਈ ਕਰਨ ਦੇ ਠੇਕੇ ਦਿੱਤੇ, ਇਸ ਦੀ ਜਾਂਚ ਹੋਣੀ ਚਾਹੀਦੀ ਹੈ। ਪੰਜਾਬ ਸਰਕਾਰ ਦੀ ਬਦ-ਇੰਤਜ਼ਾਮੀ ਨਾਲ ਹੜ੍ਹਾਂ ਕਾਰਨ ਪੰਜਾਬ ਦਾ ਬਹੁਤ ਵੱਡਾ ਨੁਕਸਾਨ ਹੋਇਆ ਹੈ।

# ਸੰਤ ਬਾਬਾ ਚਮਕੌਰ ਸਿੰਘ ਦੇ ਸਹਿਯੋਗ ਨਾਲ ਹੜ ਪੀੜਤਾਂ ਲਈ ਗੁਰੂ ਦਾ ਲੰਗਰ ਲਗਾਇਆ




**ਚੌਕ ਮਹਿਤਾ, 8 ਸਤੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਸੰਤ ਬਾਬਾ ਚਮਕੌਰ ਸਿੰਘ ਵਡਾਲਾ ਜੌਹਲ ਅਤੇ ਐਨ ਆਰ ਆਈ ਇਲਾਕੇ ਦੀ ਸੰਗਤਾਂ ਵੱਲੋਂ ਅਜਨਾਲਾ ਇਲਾਕੇ ਵਿੱਚ ਕੁਦਰਤੀ ਆਈ ਆਫਤ ਹੜ ਪੀੜਤਾਂ ਲਈ ਗੁਰੂ ਜੀ ਦਾ ਲੰਗਰ ਲਗਾਇਆ ਗਿਆ ਅਤੇ ਹੋਰ ਵੀ ਰਸਤਾਂ ਪਾਣੀ, ਦੁੱਧ, ਅਤੇ ਹੋਰ ਬਹੁਤ ਸਾਰੀਆਂ ਵਸਤੂਆਂ ਦੀ ਸੇਵਾ ਕੀਤੀ ਗਈ ਇਸ ਮੌਕੇ ਤੇ ਸੰਤ ਬਾਬਾ ਚਮਕੌਰ ਸਿੰਘ ਵਡਾਲਾ ਜੌਹਲ ਨੇ ਕਿਹਾ ਕਿ ਸਾਨੂੰ ਪਾਰਟੀ ਬਾਜੀ ਤੋ ਉਪਰ ਉਠਕੇ ਹੜ ਪੀੜਤਾਂ ਲੋਕਾਂ ਦੀ ਸੇਵਾ ਦਿਨ ਰਾਤ ਇੱਕ ਕਰਕੇ ਅਤੇ ਤਨ ਮਨ ਧੰਨ ਨਾਲ ਕਰਨੀ ਚਾਹੀਦੀ ਹੈ। ਇਸ ਮੌਕੇ ਤੇ ਸੰਤ ਬਾਬਾ ਚਮਕੌਰ ਸਿੰਘ ਤੋਂ ਇਲਾਵਾ ਸਰਪੰਚ ਦਿਲਬਾਗ ਸਿੰਘ ਜੋਹਲ, ਰਾਗੀ ਭਾਈ ਆਤਮਜੀਤ ਸਿੰਘ, ਭਾਈ ਬਲਜੀਤ ਸਿੰਘ, ਸੁਖਰਾਜ ਸਿੰਘ, ਗੁਰਪ੍ਰੀਤ ਸਿੰਘ, ਗਿਆਨੀ ਭੁਪਿੰਦਰ ਸਿੰਘ, ਕਾਕਾ ਸਿੰਘ, ਸੰਦੀਪ ਸਿੰਘ ਅੱਪੂ ਸਿੰਘ, ਸੁਖਜਿੰਦਰ ਸਿੰਘ ਮੰਨਾ ਆਦਿ ਸੇਵਾਦਾਰ ਹਾਜ਼ਰ ਸਨ।

# ਮਾਨ ਸਰਕਾਰ ਵੱਲੋਂ " ਜਿਸ ਦਾ ਖੇਤ, ਉਸ ਦੀ ਰੇਤ" ਵਾਲਾ ਫੈਸਲਾ ਸ਼ਲਾਘਾਯੋਗ ਫ਼ੈਸਲਾ

**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਬੇਸੱਕ ਹਸਪਤਾਲ ਵਿੱਚ ਦਾਖਲ ਹਨ, ਪਰ ਉਹ ਪੰਜਾਬ ਦੇ ਲਈ ਹਰ ਵਕਤ ਚਿੰਤਿਤ ਰਹਿੰਦੇ ਹਨ। ਪਿਛਲੀ ਦਿਨਾਂ ਵਿੱਚ ਪੰਜਾਬ ਦੇ ਨੌ ਜ਼ਿਲੇ ਹੜਾਂ ਦੀ ਮਾਰ ਝੱਲ ਰਹੇ ਹਨ। ਮੁੱਖ ਮੰਤਰੀ ਵੱਲੋਂ ਇੱਕ ਵਿਸ਼ੇਸ਼ ਮੀਟਿੰਗ ਬੁਲਾ ਕੇ ਪੰਜਾਬ ਦੇ ਹੱਕ ਵਿੱਚ ਅਹਿਮ ਫੈਸਲੇ ਲਏ ਹਨ। ਜੋ ਕਿ ਮਾਨ ਸਰਕਾਰ ਦਾ ਹਰ ਫੈਸਲਾ ਸਲਾਘਾਯੋਗ ਫ਼ੈਸਲਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ, ਜਸਵੀਰ ਸਿੰਘ ਜੱਸੀ ਸੇਖੋਂ ਮੈਂਬਰ ਫੂਡ ਕਮਿਸ਼ਨ ਪੰਜਾਬ ਨੇ ਕੀਤਾ। ਉਨ੍ਹਾਂ ਕਿਹਾ ਕਿ ਕਿਸਾਨ ਲਈ ਜਿਸ ਦਾ ਰੇਤ, ਉਸ ਦੀ ਖੇਤ ਯੋਜਨਾ ਤਹਿਤ ਕਿਸਾਨ ਵੇਚ, ਵਰਤ ਸਕਣਗੇ, ਖੇਤ ਦਾ ਰੇਤਾ ,ਹਾਸਲ ਖਰਾਬ ਦਾ ਮੁਆਵਜ਼ਾ 20 ਹਜਾਰ ਪ੍ਰਤੀ ਏਕੜ ਦਿੱਤਾ ਜਾਵੇਗਾ। ਜਾਨੀ ਨੁਕਸਾਨ ਦੇ ਲਈ ਹਰ ਵਿਅਕਤੀ ਨੂੰ 4 ਲੱਖ ਰੁਪਏ ਦਾ ਮੁਆਵਜ਼ਾ ਦਿੱਤਾ ਜਾਵੇਗਾ। ਘਰਾਂ ਦੇ ਸਰਵੇਖਣ ਤੋਂ ਬਾਅਦ ਉਹਨਾ ਨੂੰ ਜਲਦ ਮਿਲੇਗਾ ਮੁਆਵਜ਼ਾ, ਪਸੂ ਧਨ ਦੇ ਨੁਕਸਾਨ ਦੇ ਸਰਵੇਖਣ ਤੋਂ ਬਾਅਦ ਤੁਰੰਤ ਮੁਆਵਜ਼ਾ ਦੇਣ ਦਾ ਕੀਤਾ ਵਾਅਦਾ, ਪ੍ਰਭਾਵਿਤ ਪਿੰਡਾਂ ਵਿੱਚ ਲਗਾਏ ਜਾਣਗੇ ਮੈਡੀਕਲ ਕੈਂਪ, ਕਿਸਾਨਾਂ ਨੂੰ ਕਰਜ਼ੇ ਦੀ ਕਿਸਤ ਲਈ ਛੇ ਮਹੀਨੇ ਦੀ ਛੋਟ ਬਿਆਜ ਤੋਂ ਰਾਹਤ।



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243